ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 22 ਜੂਨ 2025 (ਨਾਨਕਸ਼ਾਹੀ ਸੰਮਤ : ੫੫੭, ੮ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਦਲ ਖ਼ਾਲਸਾ ਦਾ ਇੰਸਟਾਗ੍ਰਾਮ ਅਕਾਊਂਟ 'ਦਲ ਖਾਲਸਾ ਆਫ਼ਿਸ਼ੀਅਲ' ਭਾਰਤ 'ਚ ਹੋਇਆ ਬੰਦ

**ਨਵੀਂ ਦਿੱਲੀ, 21 ਜੂਨ (ਆਵਾਜ਼ਿ ਕੌਮ ਬਿਊਰੋ)**-ਸਿੱਖ ਜਥੇਬੰਦੀ ਦਲ ਖਾਲਸਾ ਦਾ ਇੰਸਟਾਗਰਾਮ ਅਕਾਊਂਟ 'ਦਲ ਖ਼ਾਲਸਾ ਆਫ਼ਿਸ਼ੀਅਲ' ਭਾਰਤ ਸਰਕਾਰ ਵਲੋਂ ਬੰਦ ਕੀਤੇ ਜਾਣ ਦੀ ਖ਼ਬਰ ਮਿਲੀ ਹੈ। ਇਹ ਇੰਸਟਾਗ੍ਰਾਮ ਅਕਾਊਂਟ ਅੱਜ ਬੰਦ ਕੀਤਾ ਗਿਆ। ਦਲ ਖਾਲਸਾ ਦੇ ਆਗੂ ਕੰਵਰਪਾਲ ਸਿੰਘ ਅਨੁਸਾਰ ਦਲ ਖ਼ਾਲਸਾ ਦਾ ਇੰਸਟਾਗ੍ਰਾਮ ਅਕਾਊਂਟ ਭਾਰਤ ਸਰਕਾਰ ਵੱਲੋਂ ਬੰਦ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਭਾਰਤ ਲਗਾਤਾਰ ਦੁਨੀਆਂ ਸਾਹਮਣੇ ਇਹ ਝੂਠ ਬੋਲ ਰਿਹਾ ਹੈ ਕਿ ਪੰਜਾਬ 'ਚ ਖ਼ਾਲਿਸਤਾਨ ਦੀ ਲਹਿਰ ਨਹੀਂ ਹੈ। ਪੰਜਾਬ ਵਿੱਚ ਖ਼ਾਲਿਸਤਾਨ ਦੀ ਮਜ਼ਬੂਤ ਲਹਿਰ ਨੂੰ ਇਸ ਅਕਾਊਂਟ ਰਾਹੀਂ ਦੁਨੀਆ ਨੂੰ ਦਿਖਾਇਆ ਜਾ ਰਿਹਾ ਸੀ ਅਤੇ ਭਾਰਤ ਵਲੋਂ ਸਿਰਜੇ ਖ਼ਾਲਿਸਤਾਨ ਵਿਰੋਧੀ ਵਿਰਤਾਂਤ ਨੂੰ "ਪਿੰਡ ਪਿੰਡ ਸ਼ਹਿਰ ਸ਼ਹਿਰ ਖ਼ਾਲਿਸਤਾਨ ਲਹਿਰ" ਰਾਹੀ ਤੋੜਿਆ ਜਾ ਰਿਹਾ ਹੈ, ਜਿਸ ਨੂੰ ਇਸ ਅਕਾਊਂਟ ਰਾਹੀਂ ਪੰਜਾਬ ਦੇ ਬਾਕੀ ਦੁਨੀਆ ਦੇ ਲੋਕਾਂ ਨਾਲ ਵੀ ਸਾਂਝਾ ਕੀਤਾ ਜਾ ਰਿਹਾ ਸੀ। ਇੱਕ ਮਹੀਨਾ ਪਹਿਲਾਂ ਬਣੇ ਇਸ ਅਕਾਊਂਟ ਨੇ ਆਪਣੀ ਰੀਚ ਤਕਰੀਬਨ ਇੱਕ ਮਿਲੀਅਨ ਬਣਾ ਲਈ ਸੀ ,ਜਿਸ ਤੋਂ ਸਾਫ਼ ਹੁੰਦਾ ਸੀ ਕਿ ਲੋਕ ਖ਼ਾਲਿਸਤਾਨ ਲਹਿਰ ਨੂੰ ਵੇਖ ,ਸੁਣ ਅਤੇ ਸਮਝ ਰਹੇ ਸਨ। ਬੌਖ਼ਲਾਹਟ ਵਿੱਚ ਆਈ ਭਾਰਤ ਸਰਕਾਰ ਨੇ ਇਸ ਕੰਪੇਨ ਦੀ ਵੱਧ ਰਹੀ ਲੋਕਪ੍ਰਿਯਤਾ ਨੂੰ ਦੇਖਦੇ ਹੋਏ ਇਹ ਅਕਾਊਂਟ ਬੰਦ ਕਰ ਦਿੱਤਾ ਗਿਆ ਹੈ।

### ਧਮਾਕਿਆਂ ਨਾਲ ਆਇਆ 5.1 ਦੀ ਤੀਬਰਤਾ ਵਾਲਾ ਭੂਚਾਲ ? ਟੈਂਸ਼ਨ 'ਚ ਪਿਆ ਇਜ਼ਰਾਇਲ ਤੇ ਅਮਰੀਕਾ !

# ਈਰਾਨ ਨੇ ਕਰ ਲਿਆ ਪਰਮਾਣੂ ਪ੍ਰੀਖਣ !

**ਤਹਿਰਾਨ, 21 ਜੂਨ (ਆਵਾਜ਼ਿ ਕੌਮ ਬਿਊਰੋ)**-ਇਜ਼ਰਾਈਲ ਨਾਲ ਚੱਲ ਰਹੀ ਜੰਗ ਦੇ ਵਿਚਕਾਰ ਸ਼ੁੱਕਰਵਾਰ ਦੇਰ ਰਾਤ ਈਰਾਨ ਵਿੱਚ ਕੁਝ ਅਜਿਹਾ ਵਾਪਰਿਆ ਜਿਸਨੇ ਇੱਕ ਨਵੇਂ ਸਿਧਾਂਤ ਨੂੰ ਜਨਮ ਦਿੱਤਾ ਹੈ। 20 ਜੂਨ ਨੂੰ ਈਰਾਨ ਵਿੱਚ 5.1 ਤੀਬਰਤਾ ਦਾ ਭੂਚਾਲ ਆਇਆ। ਇਸ ਭੂਚਾਲ ਤੋਂ ਬਾਅਦ ਇਹ ਕਿਆਸਅਰਾਈਆਂ ਸ਼ੁਰੂ ਹੋ ਗਈਆਂ ਹਨ ਕਿ ਈਰਾਨ ਨੇ ਗੁਪਤ ਰੂਪ ਵਿੱਚ ਇੱਕ ਪ੍ਰਮਾਣੂ ਪ੍ਰੀਖਣ ਕੀਤਾ ਹੈ। ਇਹ ਭੂਚਾਲ 20 ਜੂਨ ਨੂੰ ਸਥਾਨਕ ਸਮੇਂ ਅਨੁਸਾਰ ਰਾਤ 9:19 ਵਜੇ ਆਇਆ। ਤੁਹਾਨੂੰ ਦੱਸ ਦੇਈਏ ਕਿ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਈਰਾਨ ਦੇ ਪ੍ਰਮਾਣੂ ਠਿਕਾਣਿਆਂ ਨੂੰ ਤਬਾਹ ਕਰਨ ਦੀ ਸਹੁੰ ਖਾਧੀ ਹੈ। ਯੂਰਪੀਅਨ-ਮੈਡੀਟੇਰੀਅਨ ਸੀਸਮੌਲੋਜੀਕਲ ਸੈਂਟਰ ਦੁਆਰਾ ਦਿੱਤੀ ਗਈ ਜਾਣਕਾਰੀ ਅਨੁਸਾਰ, ਈਰਾਨ ਵਿੱਚ ਇਹ ਭੂਚਾਲ ਸੇਮਨਾਨ ਤੋਂ 35 ਕਿਲੋਮੀਟਰ ਹੇਠਾਂ ਸੀ। ਭੂਚਾਲ ਇੰਨਾ ਤੇਜ਼ ਸੀ ਕਿ ਇਸ ਦੇ ਝਟਕੇ ਉੱਤਰੀ ਈਰਾਨ ਦੇ ਕਈ ਹਿੱਸਿਆਂ ਵਿੱਚ ਮਹਿਸੂਸ ਕੀਤੇ ਗਏ। ਹਾਲਾਂਕਿ, ਇਸ ਕਾਰਨ ਕਿਸੇ ਦੇ ਜ਼ਖਮੀ ਹੋਣ ਜਾਂ ਕਿਸੇ ਵੱਡੀ ਤਬਾਹੀ ਦੀ ਕੋਈ ਪੁਸ਼ਟੀ ਨਹੀਂ ਹੈ। ਭੂਚਾਲ ਅਜਿਹੇ ਸਮੇਂ ਆਇਆ ਹੈ ਜਦੋਂ ਈਰਾਨ-ਇਜ਼ਰਾਈਲ ਨਾਲ ਟਕਰਾਅ ਵਧ ਰਿਹਾ ਹੈ। ਇਸ ਜੰਗ ਦੇ ਕਾਰਨ, ਈਰਾਨ ਦੀਆਂ ਫੌਜੀ ਇਕਾਈਆਂ ਨੂੰ ਭੂਚਾਲ ਖੇਤਰ ਦੇ ਨੇੜੇ ਦੇ ਖੇਤਰਾਂ ਸਮੇਤ ਕਈ ਖੇਤਰਾਂ ਵਿੱਚ ਤਾਇਨਾਤ ਕੀਤਾ ਗਿਆ ਹੈ। ਭੂਚਾਲ ਦੀ ਖ਼ਬਰ ਆਉਂਦੇ ਹੀ, ਐਕਸ 'ਤੇ ਨਿਊਕਲੀਅਰ ਟੈਸਟ ਟ੍ਰੈਂਡ ਹੋਣ ਲੱਗਾ ਅਤੇ ਯੂਜ਼ਰਸ ਨੇ ਆਪਣੇ ਅੰਦਾਜ਼ੇ ਲਗਾਉਣੇ ਸ਼ੁਰੂ ਕਰ ਦਿੱਤੇ। ਕੁਝ ਯੂਜ਼ਰਸ ਨੇ ਕਿਹਾ ਕਿ ਜੇਕਰ ਨਿਊਕਲੀਅਰ ਟੈਸਟ ਦੀ ਖ਼ਬਰ ਸੱਚ ਹੈ, ਤਾਂ ਹੁਣ ਅਮਰੀਕਾ ਵੀ ਦੇਸ਼ ਵਿੱਚ ਦਾਖਲ ਹੋਣ ਤੋਂ ਡਰੇਗਾ। ਦੱਸਿਆ ਜਾ ਰਿਹਾ ਹੈ ਕਿ ਈਰਾਨ ਦਾ ਸੇਮਨਾਨ ਪ੍ਰਾਂਤ ਉਹ ਜਗ੍ਹਾ ਹੈ ਜਿੱਥੇ ਇਸਦਾ ਮਿਜ਼ਾਈਲ ਕੰਪਲੈਕਸ ਅਤੇ ਮਿਜ਼ਾਈਲ ਕੇਂਦਰ ਸਥਿਤ ਹੈ। ਜੇਕਰ ਰਿਪੋਰਟ 'ਤੇ ਵਿਸ਼ਵਾਸ ਕੀਤਾ ਜਾਵੇ, ਤਾਂ ਸੇਮਨਾਨ ਮਿਜ਼ਾਈਲ ਕੰਪਲੈਕਸ ਵਿੱਚ ਇੱਕ ਬੈਲਿਸਟਿਕ ਮਿਜ਼ਾਈਲ ਟੈਸਟ ਰੇਂਜ ਅਤੇ ਨਿਰਮਾਣ ਸਹੂਲਤ ਮੌਜੂਦ ਹੈ। ਇਹ ਮੰਨਿਆ ਜਾਂਦਾ ਹੈ ਕਿ ਚੀਨ ਨੇ ਇਸਨੂੰ ਬਣਾਉਣ ਵਿੱਚ ਈਰਾਨ ਨੂੰ ਹਰ ਲੋੜੀਂਦੀ ਮਦਦ ਪ੍ਰਦਾਨ ਕੀਤੀ ਹੈ।



## ਲੁਧਿਆਣਾ ਨਹਿਰ 'ਚ ਨਹਾਉਂਦੇ ਸਮੇਂ ਡੁੱਬੇ 8 ਬੱਚੇ, 4 ਬੱਚਿਆਂ ਨੇ ਖੁਦ ਨੂੰ ਬਚਾਇਆ, 2 ਦੀਆਂ ਮਿਲੀਆਂ ਲਾਸ਼ਾਂ , 2 ਅਜੇ ਲਾਪਤਾ

**ਲੁਧਿਆਣਾ, 21 ਜੂਨ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਦੇ ਲੁਹਾਰਾ ਵਿਖੇ ਗਿੱਲ ਨਹਿਰ ਵਿੱਚ ਨਹਾਉਂਦੇ ਸਮੇਂ ਕੰਢੇ ਨਾਲ ਬੰਨ੍ਹੀ ਤਾਰ ਟੁੱਟਣ ਕਾਰਨ 8 ਬੱਚੇ ਡੁੱਬ ਗਏ ਹਨ। ਜਿਨ੍ਹਾਂ 'ਚੋਂ 4 ਬੱਚੇ ਕਿਸੇ ਤਰ੍ਹਾਂ ਆਪਣੇ ਆਪ ਨੂੰ ਬਚਾਉਣ ਵਿੱਚ ਕਾਮਯਾਬ ਹੋ ਗਏ, ਪਰ 4 ਬੱਚੇ ਪਾਣੀ ਵਿੱਚ ਡੁੱਬ ਗਏ ,ਜਿਨਾਂ ਵਿੱਚੋਂ 2 ਬੱਚਿਆਂ ਦੀਆਂ ਲਾਸ਼ਾਂ ਕੱਲ੍ਹ ਸ਼ਾਮ ਨੂੰ ਮਿਲ ਗਈਆਂ ,ਜਦੋਂ ਕਿ 2 ਬੱਚੇ ਅਜੇ ਵੀ ਲਾਪਤਾ ਹਨ। ਗੋਤਾਖੋਰ ਉਨ੍ਹਾਂ ਨੂੰ ਲੱਭਣ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਦਾ ਅਜੇ ਤੱਕ ਪਤਾ ਨਹੀਂ ਲੱਗਿਆ ਹੈ। ਨਹਿਰ ਵਿੱਚ ਡੁੱਬਣ ਵਾਲੇ ਬੱਚਿਆਂ ਦੀ ਪਛਾਣ ਪ੍ਰਕਾਸ਼ (14), ਮਨੀਸ਼ (15), ਗੋਲੂ (10) ਅਤੇ ਮੋਲੂ ਉਰਫ ਸਾਹਿਲ (10) ਵਜੋਂ ਹੋਈ ਹੈ। ਇਨ੍ਹਾਂ ਵਿੱਚੋਂ ਪ੍ਰਕਾਸ਼ ਅਤੇ ਮੋਲੂ ਉਰਫ ਸਾਹਿਲ ਦੀਆਂ ਲਾਸ਼ਾਂ ਮਿਲ ਗਈਆਂ ਹਨ। ਜਦੋਂ ਕਿ ਪੁਲਿਸ ਮਨੀਸ਼ ਅਤੇ ਗੋਲੂ ਦੀ ਭਾਲ ਕਰ ਰਹੀ ਹੈ। ਬਚਾਅ ਕਾਰਜ ਸ਼ੁਰੂ ਕਰ ਦਿੱਤਾ ਗਿਆ ਹੈ। ਥਾਣਾ ਮਾਡਲ ਟਾਊਨ ਦੀ ਪੁਲਿਸ ਨੂੰ ਪ੍ਰਕਾਸ਼ ਦੀ ਲਾਸ਼ ਮਿਲੀ ਹੈ। ਇਸ ਤੋਂ ਬਾਅਦ ਸ਼ੁੱਕਰਵਾਰ ਨੂੰ ਮੋਲਨ ਟਾਊਨ ਥਾਣਾ ਖੇਤਰ ਤੋਂ ਮੋਲੂ ਉਰਫ ਸਾਹਿਲ ਦੀ ਲਾਸ਼ ਵੀ ਬਰਾਮਦ ਕੀਤੀ ਗਈ। ਮਨੀਸ਼ ਦੀ ਮਾਂ ਅੰਜਨੀ ਨੇ ਕਿਹਾ ਕਿ ਉਸੇ ਇਲਾਕੇ ਦੇ 8 ਬੱਚੇ ਦੁਪਹਿਰ 2.30 ਵਜੇ ਦੇ ਕਰੀਬ ਨਹਿਰ ਵਿੱਚ ਨਹਾਉਣ ਗਏ ਸਨ। ਮੇਰਾ ਪੁੱਤਰ ਮਨੀਸ਼ ਅਤੇ ਉਸਦਾ ਵੱਡਾ ਭਰਾ ਵੀ ਉਨ੍ਹਾਂ ਨਾਲ ਗਏ ਸਨ। ਸਾਰੇ ਤਾਰ ਫੜ ਕੇ ਨਹਾ ਰਹੇ ਸਨ। ਜ਼ਿਆਦਾ ਭਾਰ ਹੋਣ ਕਾਰਨ ਤਾਰ ਟੁੱਟ ਗਈ ਅਤੇ ਸਾਰੇ ਬੱਚੇ ਵਹਿ ਗਏ। ਮੇਰਾ ਛੋਟਾ ਪੁੱਤਰ ਮਨੀਸ਼ ਮੇਰੇ ਵੱਡੇ ਪੁੱਤਰ ਦੇ ਸਾਹਮਣੇ ਵਹਿ ਗਿਆ। ਮੇਰਾ ਵੱਡਾ ਪੁੱਤਰ ਮਨੀਸ਼ ਬਚਾਉਣ ਦੀ ਕੋਸ਼ਿਸ਼ ਕਰ ਰਿਹਾ ਸੀ ਪਰ ਉਹ ਉਸਨੂੰ ਬਚਾ ਨਹੀਂ ਸਕਿਆ। ਥਾਣਾ ਮਾਡਲ ਟਾਊਨ ਦੇ ਐਸਐਚਓ ਬਲਵਿੰਦਰ ਸਿੰਘ ਨੇ ਦੱਸਿਆ ਕਿ ਸਿੰਧਵਾ ਕਰਨਾਲ ਵਿੱਚ ਪਾਣੀ ਦੇ ਵਹਾਅ ਨੂੰ ਕੰਟਰੋਲ ਕਰਨ ਲਈ ਇੱਕ ਡੈਮ ਵਰਗਾ ਪੁਲ ਬਣਾਇਆ ਗਿਆ ਹੈ, ਜੋ ਕਿ ਉਸਦੇ ਖੇਤਰ ਵਿੱਚ ਆਉਂਦਾ ਹੈ। ਪੁਲਿਸ ਨੂੰ ਦੋਵਾਂ ਬੱਚਿਆਂ ਦੀਆਂ ਲਾਸ਼ਾਂ ਉੱਥੇ ਤੈਰਦੀਆਂ ਮਿਲੀਆਂ, ਜਿਸ ਤੋਂ ਬਾਅਦ ਦੋਵਾਂ ਦੀਆਂ ਲਾਸ਼ਾਂ ਨੂੰ ਸਿਵਲ ਹਸਪਤਾਲ ਦੇ ਮੁਰਦਾਘਰ ਵਿੱਚ ਰਖਵਾਂ ਦਿੱਤਾ ਗਿਆ ਹੈ। ਦੂਜੇ ਪਾਸੇ ਪਰਿਵਾਰ ਅਨੁਸਾਰ ਪ੍ਰਕਾਸ਼ (14) ਪੁੱਤਰ ਮਨੋਜ ਪ੍ਰਸਾਦ, ਵਾਸੀ ਸਮਰਾਟ ਨਗਰ, ਗਿਆਸਪੁਰਾ ਦੀ ਲਾਸ਼ ਵੀਰਵਾਰ ਰਾਤ ਨੂੰ ਲਗਭਗ 11:30 ਵਜੇ ਮਿਲੀ। ਪ੍ਰਕਾਸ਼ 6ਵੀਂ ਜਮਾਤ ਦਾ ਵਿਦਿਆਰਥੀ ਸੀ। ਉਸਦਾ ਪਿਤਾ ਪ੍ਰਿੰਟਰ ਦਾ ਕੰਮ ਕਰਦਾ ਹੈ।

## ਪੰਜਾਬ ਨੈਸ਼ਨਲ ਬੈਂਕ ਦਾ ਮੈਨੇਜਰ 329 ਨੇ ਕੀਤਾ ਗ੍ਰਿਫ਼ਤਾਰ, 183 ਕਰੋੜ ਰੁਪਏ ਦੇ ਘੁਟਾਲੇ ਵਿੱਚ ਸ਼ਾਮਲ

**ਨਵੀਂ ਦਿੱਲੀ, 21 ਜੂਨ (ਆਵਾਜ਼ਿ ਕੌਮ ਬਿਊਰੋ)**-ਕੇਂਦਰੀ ਜਾਂਚ ਬਿਊਰੋ (CBI) ਨੇ 183.21 ਕਰੋੜ ਰੁਪਏ ਦੇ ਜਾਅਲੀ ਬੈਂਕ ਗਾਰੰਟੀ ਨਾਲ ਸਬੰਧਤ ਵਿੱਤੀ ਧੋਖਾਧੜੀ ਦੇ ਮਾਮਲੇ ਵਿੱਚ ਪੰਜਾਬ ਨੈਸ਼ਨਲ ਬੈਂਕ (PNB) ਦੇ ਇੱਕ ਸੀਨੀਅਰ ਮੈਨੇਜਰ ਸਮੇਤ ਦੋ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਹ ਕਾਰਵਾਈ ਇੰਦੌਰ-ਅਧਾਰਤ ਕੰਪਨੀ ਅਤੇ ਮੱਧ ਪ੍ਰਦੇਸ਼ ਜਲ ਨਿਗਮ ਲਿਮਟਿਡ (ਐਮਪੀਜੇਐਨਐਲ) ਨਾਲ ਜੁੜੇ ਘੁਟਾਲੇ ਦੇ ਸਬੰਧ ਵਿੱਚ ਕੀਤੀ ਗਈ ਹੈ। ਸੀਬੀਆਈ ਦੇ ਅਨੁਸਾਰ, ਇੰਦੌਰ-ਅਧਾਰਤ ਇੱਕ ਕੰਪਨੀ ਨੇ ਸਾਲ 2023 ਵਿੱਚ ਪੀਐਨਬੀ ਦੁਆਰਾ ਕਥਿਤ ਤੌਰ 'ਤੇ ਜਾਰੀ ਕੀਤੀਆਂ ਅੱਠ ਜਾਅਲੀ ਬੈਂਕ ਗਾਰੰਟੀਆਂ ਜਮ੍ਹਾਂ ਕਰਵਾ ਕੇ ਐਮਪੀਜੇਐਨਐਲ ਤੋਂ ਤਿੰਨ ਵੱਡੇ ਸਿੰਚਾਈ ਠੇਕੇ ਪ੍ਰਾਪਤ ਕੀਤੇ ਸਨ। ਇਸਦੀ ਕੁੱਲ ਕੀਮਤ 974 ਲੱਖ ਰੁਪਏ ਹੈ। ਪ੍ਰੋਜੈਕਟ ਨੂੰ ਸੁਰੱਖਿਅਤ ਕਰਨ ਲਈ, ਕੰਪਨੀ ਨੇ ਕੁੱਲ 183.21 ਕਰੋੜ ਰੁਪਏ ਦੀਆਂ ਅੱਠ ਜਾਅਲੀ ਬੈਂਕ ਗਾਰੰਟੀਆਂ ਜਮ੍ਹਾਂ ਕਰਵਾਈਆਂ। ਤਸਦੀਕ ਪ੍ਰਕਿਰਿਆ ਦੌਰਾਨ ਐਮਪੀਜੇਐਨਐਲ ਨੂੰ ਪੀਐਨਬੀ ਦੇ ਅਧਿਕਾਰਤ ਡੋਮੇਨ ਤੋਂ ਗਰੰਟੀ ਦੀ ਪੁਸ਼ਟੀ ਨਾਲ ਸਬੰਧਤ ਈਮੇਲ ਪ੍ਰਾਪਤ ਹੋਏ ਜਿਸ ਦੇ ਆਧਾਰ 'ਤੇ ਐਮਪੀਜੇਐਨਐਲ ਨੇ ਠੇਕਿਆਂ ਨੂੰ ਮਨਜ਼ੂਰੀ ਦਿੱਤੀ। ਹਾਲਾਂਕਿ, ਇਹ ਬਾਅਦ ਵਿੱਚ ਜਾਅਲੀ ਪਾਏ ਗਏ। ਇਸ ਧੋਖਾਧੜੀ ਦੇ ਮਾਮਲੇ ਦੇ ਸਾਹਮਣੇ ਆਉਣ ਤੋਂ ਬਾਅਦ, ਸੀਬੀਆਈ ਨੇ ਮੱਧ ਪ੍ਰਦੇਸ਼ ਹਾਈ ਕੋਰਟ ਦੇ ਨਿਰਦੇਸ਼ਾਂ 'ਤੇ ਕਾਰਵਾਈ ਸ਼ੁਰੂ ਕੀਤੀ। ਇਸ ਤਹਿਤ, 19 ਅਤੇ 20 ਜੂਨ ਨੂੰ, ਜਾਂਚ ਏਜੰਸੀ ਨੇ ਨਵੀਂ ਦਿੱਲੀ, ਪੱਛਮੀ ਬੰਗਾਲ, ਗੁਜਰਾਤ, ਝਾਰਖੰਡ ਅਤੇ ਮੱਧ ਪ੍ਰਦੇਸ਼ ਸਮੇਤ ਪੰਜ ਰਾਜਾਂ ਵਿੱਚ 23 ਥਾਵਾਂ 'ਤੇ ਤਲਾਸ਼ੀ ਲਈ। ਇਸ ਛਾਪੇਮਾਰੀ ਦੌਰਾਨ, ਕੋਲਕਾਤਾ ਤੋਂ ਦੋ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ, ਜਿਨ੍ਹਾਂ ਵਿੱਚ ਪੰਜਾਬ ਨੈਸ਼ਨਲ ਬੈਂਕ ਦਾ ਇੱਕ ਸੀਨੀਅਰ ਮੈਨੇਜਰ ਵੀ ਸ਼ਾਮਲ ਹੈ। ਦੋਵਾਂ ਨੂੰ ਪਹਿਲਾਂ ਕੋਲਕਾਤਾ ਦੀ ਇੱਕ ਸਥਾਨਕ ਅਦਾਲਤ ਵਿੱਚ ਪੇਸ਼ ਕੀਤਾ ਗਿਆ ਸੀ ਅਤੇ ਹੁਣ ਉਨ੍ਹਾਂ ਨੂੰ ਟਰਾਂਜ਼ਿਟ ਰਿਮਾਂਡ 'ਤੇ ਇੰਦੌਰ ਲਿਆਂਦਾ ਜਾ ਰਿਹਾ ਹੈ। ਸ਼ੁਰੂਆਤੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਕੋਲਕਾਤਾ ਦਾ ਇੱਕ ਗਿਰੋਹ ਇਸ ਪੂਰੇ ਮਾਮਲੇ ਵਿੱਚ ਸ਼ਾਮਲ ਹੈ, ਜੋ ਕਈ ਹੋਰ ਰਾਜਾਂ ਵਿੱਚ ਸਰਕਾਰੀ ਠੇਕੇ ਪ੍ਰਾਪਤ ਕਰਨ ਲਈ ਜਾਅਲੀ ਬੈਂਕ ਗਾਰੰਟੀ ਬਣਾਉਣ ਅਤੇ ਵੰਡਣ ਵਿੱਚ ਵੀ ਸ਼ਾਮਲ ਹੈ। ਮਾਮਲੇ ਦੀ ਜਾਂਚ ਅਜੇ ਵੀ ਜਾਰੀ ਹੈ।




## ਟਲਿਆ ਵੱਡਾ ਜਹਾਜ਼ ਹਾਦਸਾ, ਪਾਇਲਟ ਨੇ ਭੇਜਿਆ ਮੇਅਡੇ ਦਾ ਮੈਸੇਜ, ਬੈਂਗਲੂਰੂ 'ਚ ਐਮਰਜੈਂਸੀ ਲੈਂਡਿੰਗ

**ਬੈਂਗਲੂਰੂ, 21 ਜੂਨ (ਆਵਾਜ਼ਿ ਕੌਮ ਬਿਊਰੋ)**-ਅਹਿਮਦਾਬਾਦ ਜਹਾਜ਼ ਹਾਦਸੇ ਤੋਂ ਬਾਅਦ ਇੱਕ ਹੋਰ ਹਾਦਸਾ ਵਾਲ-ਵਾਲ ਟਲ ਗਿਆ। ਇੰਡੀਗੋ ਦੀ ਗੁਹਾਟੀ-ਚੇਨਈ ਉਡਾਣ ਦੀ ਬੰਗਲੁਰੂ ਵਿੱਚ ਐਮਰਜੈਂਸੀ ਲੈਂਡਿੰਗ ਕੀਤੀ ਗਈ ਹੈ। ਸੂਤਰਾਂ ਅਨੁਸਾਰ ਉਡਾਣ ਦੇ ਪਾਇਲਟ ਨੇ ਘੱਟ ਈਂਧਨ ਹੋਣ ਦੀ ਵਜ੍ਹਾ ਨਾਲ Mayday ਦਾ ਮੈਸੇਜ ਵੀ ਭੇਜਿਆ। ਹਾਲਾਂਕਿ, ਰਾਹਤ ਦੀ ਗੱਲ ਇਹ ਸੀ ਕਿ ਜਹਾਜ਼ ਬੈਂਗਲੁਰੂ ਵਿੱਚ ਸੁਰੱਖਿਅਤ ਉਤਰਿਆ। ਇਹ ਪੂਰੀ ਘਟਨਾ ਵੀਰਵਾਰ ਨੂੰ ਵਾਪਰੀ ਸੀ, ਪਰ ਇਸ ਬਾਰੇ ਜਾਣਕਾਰੀ ਐਤਵਾਰ ਨੂੰ ਮਿਲੀ। 12 ਜੂਨ ਨੂੰ ਅਹਿਮਦਾਬਾਦ ਵਿੱਚ ਏਅਰ ਇੰਡੀਆ ਦਾ ਇੱਕ ਜਹਾਜ਼ ਹਾਦਸਾਗ੍ਰਸਤ ਹੋ ਗਿਆ ਸੀ। ਉਸ ਸਮੇਂ ਦੌਰਾਨ ਵੀ ਪਾਇਲਟਾਂ ਨੇ Mayday ਦਾ ਮੈਸੇਜ ਭੇਜਿਆ ਸੀ। ਇੰਡੀਗੋ ਜਹਾਜ਼ ਦੀ ਐਮਰਜੈਂਸੀ ਲੈਂਡਿੰਗ ਅਤੇ ਭੇਜੇ ਮੈਸੇਜ ਤੋਂ ਬਾਅਦ ਪਾਇਲਟ ਨੂੰ ਅਹੁਦੇ ਤੋਂ ਹਟਾ ਦਿੱਤਾ ਗਿਆ ਹੈ। ਪੂਰੀ ਐਮਰਜੈਂਸੀ ਹੋਣ 'ਤੇ ਜਹਾਜ਼ ਦੇ ਪਾਇਲਟਾਂ ਦੁਆਰਾ Mayday ਦਾ ਮੈਸੇਜ ਭੇਜਿਆ ਜਾਂਦਾ ਹੈ। ਉਨ੍ਹਾਂ ਕੋਲ ਹੋਰ ਕੋਈ ਰਸਤਾ ਨਹੀਂ ਹੁੰਦਾ। ਅਜਿਹੀ ਸਥਿਤੀ ਵਿੱਚ ਏਟੀਸੀ ਨੂੰ Mayday ਦਾ ਮੈਸੇਜ ਭੇਜ ਕੇ ਉਨ੍ਹਾਂ ਨੂੰ ਜਹਾਜ਼ ਲਈ ਐਮਰਜੈਂਸੀ ਬਾਰੇ ਜਾਣੂ ਕਰਵਾਇਆ ਜਾਂਦਾ ਹੈ। 12 ਜੂਨ ਨੂੰ ਏਅਰ ਇੰਡੀਆ ਦੇ ਜਹਾਜ਼ ਹਾਦਸੇ ਦੌਰਾਨ ਪਾਇਲਟਾਂ ਨੇ ਏਟੀਸੀ ਨੂੰ Mayday ਦਾ ਮੈਸੇਜ ਵੀ ਭੇਜਿਆ ਸੀ। ਇਹ ਮੈਸੇਜ ਠੀਕ ਦੁਪਹਿਰ 1:39 ਵਜੇ ਦਿੱਤਾ ਗਿਆ ਸੀ। ਇਸ ਤੋਂ ਬਾਅਦ ਜਦੋਂ ATC ਨੇ ਜਹਾਜ਼ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਤਾਂ ਕੋਈ ਜਵਾਬ ਨਹੀਂ ਆਇਆ। ਉਦੋਂ ਤੱਕ ਜਹਾਜ਼ ਮੇਘਨਾਨਗਰ ਦੇ ਰਿਹਾਇਸ਼ੀ ਖੇਤਰ ਵਿੱਚ ਹਾਦਸਾਗ੍ਰਸਤ ਹੋ ਗਿਆ। ਉਸ ਜਹਾਜ਼ ਵਿੱਚ 242 ਲੋਕ ਸਵਾਰ ਸਨ ਅਤੇ ਇੱਕ ਵਿਅਕਤੀ ਨੂੰ ਛੱਡ ਕੇ ਸਾਰੇ ਮਰ ਗਏ। ਇਸ ਦੌਰਾਨ ਏਅਰ ਇੰਡੀਆ ਦੇ ਜਹਾਜ਼ ਹਾਦਸੇ ਤੋਂ ਬਾਅਦ ਸਿਵਲ ਏਵੀਏਸ਼ਨ ਰੈਗੂਲੇਟਰ ਨੇ ਏਅਰ ਇੰਡੀਆ ਨੂੰ 'ਪ੍ਰਣਾਲੀਗਤ ਅਸਫਲਤਾਵਾਂ' ਲਈ ਤਿੰਨ ਅਧਿਕਾਰੀਆਂ ਨੂੰ ਉਨ੍ਹਾਂ ਦੀਆਂ ਭੂਮਿਕਾਵਾਂ ਤੋਂ ਹਟਾਉਣ ਦਾ ਹੁਕਮ ਦਿੱਤਾ ਹੈ। ਡਾਇਰੈਕਟੋਰੇਟ ਜਨਰਲ ਆਫ਼ ਸਿਵਲ ਏਵੀਏਸ਼ਨ ਦੇ ਨਿਰਦੇਸ਼ ਵਿੱਚ ਇਹ ਸਪੱਸ਼ਟ ਨਹੀਂ ਕੀਤਾ ਗਿਆ ਕਿ ਕੀ ਇਹ 12 ਜੂਨ ਨੂੰ ਅਹਿਮਦਾਬਾਦ ਵਿੱਚ ਹੋਏ ਹਾਦਸੇ ਨਾਲ ਸਬੰਧਤ ਹੈ, ਜਾਂ ਨਹੀਂ। ਨਿਰਦੇਸ਼ ਵਿੱਚ ਕਿਹਾ ਗਿਆ ਹੈ ਕਿ ਏਅਰਲਾਈਨ ਦੇ ਸਵੈ-ਇੱਛਤ ਖੁਲਾਸੇ ਚਾਲਕ ਦਲ ਦੇ ਸ਼ਿਡਊਲਿੰਗ, ਅਨੁਪਾਲਨ ਨਿਗਰਾਨੀ ਅਤੇ ਅੰਦਰੂਨੀ ਜਵਾਬਦੇਹੀ ਵਿੱਚ ਪ੍ਰਣਾਲੀਗਤ ਅਸਫਲਤਾਵਾਂ ਵੱਲ ਇਸ਼ਾਰਾ ਕਰਦੇ ਹਨ। ਰੈਗੂਲੇਟਰ ਨੇ ਏਅਰ ਇੰਡੀਆ ਨੂੰ ਆਦੇਸ਼ ਵਿੱਚ ਨਾਮਜ਼ਦ ਤਿੰਨ ਅਧਿਕਾਰੀਆਂ ਨੂੰ ਚਾਲਕ ਦਲ ਦੇ ਸ਼ਿਡਊਲਿੰਗ ਨਾਲ ਸਬੰਧਤ ਸਾਰੀਆਂ ਭੂਮਿਕਾਵਾਂ ਅਤੇ ਜ਼ਿੰਮੇਵਾਰੀਆਂ ਤੋਂ ਹਟਾਉਣ, ਅਨੁਸ਼ਾਸਨੀ ਕਾਰਵਾਈ ਕਰਨ ਅਤੇ 10 ਦਿਨਾਂ ਦੇ ਅੰਦਰ ਚੁੱਕੇ ਗਏ ਕਦਮਾਂ ਦੀ ਰਿਪੋਰਟ ਦੇਣ ਦਾ ਨਿਰਦੇਸ਼ ਦਿੱਤਾ ਹੈ। ਭਵਿੱਖ ਵਿੱਚ ਹੋਣ ਵਾਲੀਆਂ ਉਲੰਘਣਾਵਾਂ ਦੇ ਨਤੀਜੇ ਵਜੋਂ ਲਾਇਸੈਂਸ ਮੁਅੱਤਲ ਵੀ ਹੋ ਸਕਦਾ ਹੈ। ਏਅਰਲਾਈਨ ਨੇ ਸ਼ਨੀਵਾਰ ਨੂੰ ਕਿਹਾ ਕਿ ਉਸਨੇ ਆਦੇਸ਼ ਨੂੰ ਲਾਗੂ ਕਰ ਦਿੱਤਾ ਹੈ। ਏਅਰ ਇੰਡੀਆ ਨੇ ਇੱਕ ਬਿਆਨ ਵਿੱਚ ਕਿਹਾ, "ਏਅਰ ਇੰਡੀਆ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਸੁਰੱਖਿਆ ਪ੍ਰੋਟੋਕੋਲ ਅਤੇ ਮਿਆਰੀ ਅਭਿਆਸਾਂ ਦੀ ਪੂਰੀ ਤਰ੍ਹਾਂ ਪਾਲਣਾ ਕੀਤੀ ਜਾਵੇ।"




## ਨਸ਼ਾ ਛੁਡਾਉ ਕੇਂਦਰ 'ਚੋਂ 18 ਨੌਜਵਾਨ ਮਰੀਜ਼ ਹੋਏ ਫ਼ਰਾਰ, 10 ਨੂੰ ਕੀਤਾ ਮੁੜ ਕਾਬੂ ,8 ਅਜੇ ਵੀ ਗ੍ਰਿਫ਼ਤ 'ਚੋਂ ਬਾਹਰ

**ਫਰੀਦਕੋਟ, 21 ਜੂਨ (ਆਵਾਜ਼ਿ ਕੌਮ ਬਿਊਰੋ)**-ਫਰੀਦਕੋਟ ਦੇ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ ਵਿੱਚ ਬਣੇ ਨਸ਼ਾ ਛੁਡਾਉ ਕੇਂਦਰ ਵਿੱਚ ਦਾਖਲ ਮਰੀਜ਼ ਵਿੱਚੋਂ 18 ਦੇ ਕਰੀਬ ਨੌਜਵਾਨ ਮਰੀਜ਼ ਦੇਰ ਰਾਤ ਸੁਰੱਖਿਆ ਕਰਮਚਾਰੀਆਂ ਨੂੰ ਚੱਕਵਾਂ ਦੇ ਕੇ ਫਰਾਰ ਹੋ ਗਏ। ਹਾਲਾਂਕਿ ਪੁਲਿਸ ਵੱਲੋਂ ਕਾਰਵਾਈ ਕਰਦੇ ਹੋਏ ਇਹਨਾਂ ਵਿੱਚੋਂ 10 ਮਰੀਜ਼ਾਂ ਨੂੰ ਮੁੜ ਕਾਬੂ ਕਰ ਲਿਆ ਗਿਆ, ਜਦਕਿ 8 ਮਰੀਜ਼ ਅਜੇ ਵੀ ਫਰਾਰ ਦੱਸੇ ਜਾ ਰਹੇ ਹਨ, ਜਿਨਾਂ ਦੇ ਖਿਲਾਫ ਪਹਿਲਾਂ ਤੋਂ ਹੀ ਐਨਡੀਪੀਐਸ ਦੀ ਧਾਰਾ ਤਹਿਤ ਮਾਮਲੇ ਦਰਜ ਹਨ। ਗੌਰਤਲਬ ਹੈ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਤਹਿਤ ਪੰਜਾਬ ਸਰਕਾਰ ਵੱਲੋਂ ਨਸ਼ਾ ਤਸਕਰਾਂ ਦੇ ਖਿਲਾਫ ਮੁਹਿੰਮ ਵਿੱਢੀ ਹੋਈ ਹੈ ਅਤੇ ਨਾਲ ਹੀ ਜਿਹੜੇ ਨੌਜਵਾਨ ਆਪਣੀ ਇੱਛਾ ਨਾਲ ਨਸ਼ਾ ਛੱਡਣਾ ਚਾਹੁੰਦੇ ਹਨ। ਉਹਨਾਂ ਨੂੰ ਪੁਲਿਸ ਵੱਲੋਂ ਨਸ਼ਾ ਛੁੜਾਉ ਕੇਂਦਰਾਂ ਵਿੱਚ ਦਾਖਲ ਕਰਵਾਇਆ ਜਾ ਰਿਹਾ ਹੈ ਪਰ ਦੇਰ ਰਾਤ ਫਰੀਦਕੋਟ ਦੇ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ ਵਿੱਚ ਬਣੇ ਨਸ਼ਾ ਛੁਡਾਉ ਕੇਂਦਰ ਵਿੱਚ ਦਾਖਲ 18 ਮਰੀਜ਼ ਉੱਥੋਂ ਦੇ ਸੁਰੱਖਿਆ ਕਰਮਚਾਰੀਆਂ ਨੂੰ ਚੱਕਮਾਂ ਦੇ ਕੇ ਫਰਾਰ ਹੋ ਗਏ। ਪੁਲਿਸ ਦਾ ਮੰਨਣਾ ਹੈ ਕਿ ਇਹਨਾਂ ਸਾਰਿਆਂ ਵੱਲੋਂ ਇਕੱਠੇ ਸਲਾਹ ਕਰਕੇ ਉਥੋਂ ਦੇ ਸੁਰੱਖਿਆ ਗਾਰਡ ਨੂੰ ਚੱਕਵਾਂ ਦਿੱਤਾ ਗਿਆ ਤੇ ਉਥੋਂ ਮੌਕੇ ਤੋਂ ਫਰਾਰ ਹੋ ਗਏ। ਜਿਨਾਂ ਵਿੱਚੋਂ 10 ਮਰੀਜ਼ਾਂ ਨੂੰ ਮੁੜ ਕਾਬੂ ਕਰਕੇ ਹਸਪਤਾਲ ਦਾਖਲ ਕਰਵਾਇਆ ਗਿਆ ਪਰ ਇਹਨਾਂ ਵਿੱਚੋਂ ਅਜੇ ਅੱਠ ਮਰੀਜ਼ ਫਰਾਰ ਹਨ, ਜਿੰਨਾ ਖਿਲਾਫ਼ ਪਹਿਲਾਂ ਤੋਂ ਹੀ ਐਨਡੀਪੀਸੀ ਐਕਟ ਤਹਿਤ ਮਾਮਲੇ ਦਰਜ ਹਨ। ਜਿਨਾਂ ਲਈ ਸੰਬੰਧਿਤ ਥਾਨਿਆਂ ਵਿੱਚ ਇਤਲਾਹ ਕਰ ਦਿੱਤੀ ਗਈ ਹੈ ਅਤੇ ਜਲਦ ਹੀ ਇਹਨਾਂ ਨੂੰ ਵੀ ਕਾਬੂ ਕਰ ਹਸਪਤਾਲ ਵਿੱਚ ਮੁੜ ਭਰਤੀ ਕਰਵਾਇਆ ਜਾਇਗਾ। ਗੌਰਤਲਬ ਹੈ ਕਿ ਕੱਲ ਮੁੱਖ ਮੰਤਰੀ ਦੇ ਮੀਡੀਆ ਸਲਾਹਕਾਰ ਬਲਤੇਜ ਸਿੰਘ ਪੰਨੂ ਵੱਲੋਂ ਐਸਐਸਪੀ ਫਰੀਦਕੋਟ ਅਤੇ ਡਿਪਟੀ ਕਮਿਸ਼ਨਰ ਫਰੀਦਕੋਟ ਦੇ ਨਾਲ ਮਿਲ ਕੇ ਇਸੇ ਨਸ਼ਾ ਕੇਂਦਰ ਦਾ ਦੌਰਾ ਕੀਤਾ ਗਿਆ ਸੀ ਅਤੇ ਨਸ਼ਾ ਕੇਂਦਰ ਵਿੱਚ ਦਾਖਲ ਮਰੀਜ਼ਾਂ ਦਾ ਹਾਲ ਚਾਲ ਜਾਣਿਆ ਸੀ ਅਤੇ ਉਹਨਾਂ ਨੂੰ ਮਿਲ ਰਹੀਆਂ ਸੁਵਿਧਾਵਾਂ ਬਾਰੇ ਜਾਣਕਾਰੀ ਲਈ ਸੀ ਪਰ ਉਸੇ ਰਾਤ ਹੀ ਇਸ ਨਸ਼ਾ ਛੁਡਾਉ ਕੇਂਦਰ ਵਿੱਚ ਦਾਖਲ ਮਰੀਜ਼ਾਂ ਵੱਲੋਂ ਗਾਰਦ ਨੂੰ ਚੱਕਵਾਂ ਦੇ ਕੇ ਫਰਾਰ ਹੋ ਜਾਣਾ ਕਿਤੇ ਨਾ ਕਿਤੇ ਆਪਣੇ ਆਪ ਵਿੱਚ ਵੱਡੇ ਸਵਾਲ ਖੜੇ ਕਰਦਾ ਹੈ।






# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall

+447976210161

- ਭਾਈ ਬਲਜੀਤ ਸਿੰਘ ਕੰਗ/Bhai Baljit Singh Kang

+44 7780 605230

- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)

+44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net





ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



**ਆਵਾਜ਼ਿ ਕੌਮ**
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ
# ਗੁਰਮਤਿ ਸਮਾਗਮ

**1 ਨਵੰਬਰ 2025, ਦਿਨ ਸ਼ਨੀਵਾਰ ਨੂੰ**
**ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ**
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ**
ਦਮਦਮੀ ਟਕਸਾਲ ਭਿੰਡਰਾਂ ਵਾਲੇ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall

+447976210161

• ਭਾਈ ਬਲਜੀਤ ਸਿੰਘ ਕੰਗ/Bhai Baljit Singh Kang

+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)

+44 7568 517223

Website : www.nsycuk.com

E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


DAMDAMI TAKSAL JATHA UK & EUROPE
AMRIT
SANCHAARS
JUNE/JULY 2025
ਆਵਾਜ਼ਿ ਕੌਮ AWAZE QAUM International Newspaper & WEB TV
SMETHWICK
SATURDAY 28TH JUNE | 11AM
GNG SMETHWICK, 130 HIGH ST, SMETHWICK, B66 3AP
EAST LONDON
SATURDAY 5TH JULY | 1PM
SRI GURU SINGH SABHA, 2-8 PARK AVE, SOUTHALL, UB1 3AG
SOUTHALL
SUNDAY 20TH JULY | 1PM
SRI GURU SINGH SABHA, 2-8 PARK AVE, SOUTHALL, UB1 3AG
CONTACT 07940 270 120 FOR MORE DETAILS


DAMDAMI TAKSAL
JATHA (UK & EUROPE)
ਅੰਮ੍ਰਿਤ ਸੰਚਾਰ
AMRIT SANCHAR
SOUTHALL
ਆਵਾਜ਼ਿ ਕੌਮ
AWAZE QAUM
International Newspaper & WEB TV
SUNDAY 20TH JULY | 1PM
SRI GURU SINGH SABHA SOUTHALL
2-8 PARK AVE | SOUTHALL | UB1 3AG
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN (BODY & HAIR WASH)
KAKKARS WILL BE AVAILABLE
CONTACT 07940 270 120 FOR MORE DETAILS


DAMDAMI TAKSAL
JATHA (UK & EUROPE)
ਅੰਮ੍ਰਿਤ ਸੰਚਾਰ
AMRIT SANCHAR
WEST MIDLANDS
ਆਵਾਜ਼ਿ ਕੌਮ
AWAZE QAUM
International Newspaper & WEB TV
SATURDAY 28TH JUNE | 11AM
GURU NANAK GURDWARA SMETHWICK
130 HIGH ST | SMETHWICK | B66 3AP
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN (BODY & HAIR WASH)
KAKKARS WILL BE AVAILABLE
CONTACT 07940 270 120 FOR MORE DETAILS


DAMDAMI TAKSAL
ਅੰਮ੍ਰਿਤ ਸੰਚਾਰ
AMRIT SANCHAR
EAST LONDON
ਆਵਾਜ਼ਿ ਕੌਮ AWAZE QAUM International Newspaper & WEB TV
SATURDAY 5TH JULY | 1PM
ATAM ACADEMY
LITTLE HEATH | BARLEY LN | ROMFORD | RM6 4XX
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN (BODY & HAIR WASH)
KAKKARS WILL BE AVAILABLE
CONTACT 07940 270 120 FOR MORE DETAILS

ਆਨੰਦ ਕਾਰਜ ਵਿਆਹ ਕਾਨੂੰਨ ਨੂੰ ਸੂਬੇ 'ਚ ਲਾਗੂ ਕਰਵਾਉਂਣ ਦੇ ਮੁੱਦੇ 'ਤੇ ਹੋਈ ਚਰਚਾ

# ਸਿੱਖਾਂ ਦੀ ਧਾਰਮਿਕ ਨਸਲਕੁਸ਼ੀ ਕਰਨ ਤੇ ਸਰਕਾਰੀ ਮਸ਼ੀਨਰੀ ਦਾ ਹੋਇਆ ਵਿਰੋਧ



**ਜੰਡਿਆਲਾ ਗੁਰੂ, 21 ਜੂਨ ( ਕੁਲਵੰਤ ਸਿੰਘ ਵਿਰਦੀ )**-ਸਿੱਖ ਕੌਮ ਨੂੰ ਆ ਰਹੀਆਂ ਸਮੱਸਿਆਵਾਂ ਅਤੇ ਪੰਥਕ ਮਸਲਿਆਂ ਦੇ ਵਿਸ਼ੇ ਦੇ ਵਿਚਾਰ ਚਰਚਾ ਕਰਨ ਦੇ ਉਦੇਸ਼ ਨੂੰ ਲੈ ਕੇ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਸ੍ਰ. ਸਤਨਾਮ ਸਿੰਘ ਗਿੱਲ ਅਤੇ ਉਹਨਾਂ ਦੀ ਟੀਮ ਨੇ ਸ਼੍ਰੋਮਣੀ ਪੰਥ ਅਕਾਲੀ ਦਸ਼ਮੇਸ਼ ਤਰਨਾ ਦਲ ਦੇ ਪ੍ਰਮੁੱਖ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਨਾਲ ਇਥੇ ਮੁਲਾਕਾਤ ਕੀਤੀ ਜਥੇਦਾਰ ਮੇਜਰ ਸਿੰਘ ਸੋਢੀ ਨੂੰ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਵਫਦ 'ਚ ਸ਼ਾਮਿਲ ਪੰਜਾਬ ਰਾਜ ਮਾਪੇ ਬਚਾਓ ਐਕਸ਼ਨ ਕਮੇਟੀ ਦੇ ਚੇਅਰਮੈਨ ਸੰਦੀਪ ਸਿੰਘ ਰਾਜੂ, ਰਾਜਵਿੰਦਰ ਸਿੰਘ ਰਾਜਾ, ਪੀਆਰਓ ਅੰਮ੍ਰਿਤਪਾਲ ਸਿੰਘ ਸ਼ਾਹਪੁਰ ਅਤੇ ਪੀਏ ਗੁਰਪ੍ਰੀਤ ਸਿੰਘ ਖਾਲਸਾ ਨੇ ਮੁਲਾਕਾਤ ਮੌਕੇ ਬਾਬਾ ਜੀ ਪਾਸੋਂ ਸਨਮਾਨ ਪ੍ਰਾਪਤ ਕੀਤਾ। ਸਤਨਾਮ ਸਿੰਘ ਗਿੱਲ ਅਤੇ ਚੇਅਰਮੈਨ ਸੰਦੀਪ ਸਿੰਘ ਰਾਜੂ ਨੇ ਸਿੱਖ ਸਮਦਾਇ ਦੀ ਧਾਰਮਿਕ ਤੌਰ ਤੇ ਸਰਕਾਰੀ ਅਫਸਰ ਸ਼ਾਹੀ ਵੱਲੋਂ ਕੀਤੀ ਜਾ ਰਹੀ ਧਰਮ ਦੀ ਨਸਲਕੁਸ਼ੀ ਤੇ ਇਤਰਾਜ਼ ਉਠਾਇਆ। ਉਹਨਾਂ ਨੇ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਨੂੰ ਸਿੱਖ ਸੰਗਤ ਵੱਲੋਂ ਅਪੀਲ ਕੀਤੀ ਕਿ ਉਹ ਸਿੱਖ ਪਰਿਵਾਰਾਂ ਦੇ ਵਿਆਹ ਆਨੰਦ ਮੈਰਿਜ ਐਕਟ ਤਹਿਤ ਪੰਜੀਕਰਨ ਕਰਨ ਲਈ ਸਿੱਖ ਕੌਮ ਵਲੋਂ ਪ੍ਰਤੀਨਿਧਤਾ ਕਰਨ।

ਉਹਨਾਂ ਨੇ ਕਿਹਾ ਕਿ ਜਦੋਂ ਹਿੰਦੂਆਂ ਦੇ ਵਿਆਹ ਆਨੰਦ ਮੈਰਿਜ ਕਾਨੂੰਨ ਮੁਤਾਬਕ ਰਜਿਸਟਰ ਨਹੀਂ ਹੋ ਹੁੰਦੇ,ਫਿਰ ਸਿੱਖਾਂ ਦੇ ਵਿਆਹ ਹਿੰਦੂ ਮੈਰਿਜ ਐਕਟ ਤਹਿਤ ਕਿਉਂ ਰਜਿਸਟਰਡ ਕੀਤੇ ਜਾ ਰਹੇ ਹਨ।ਸਤਨਾਮ ਸਿੰਘ ਗਿੱਲ ਨੇ ਕਿਹਾ ਕਿ ਜਦੋਂ ਸਿੱਖ ਸਮਾਜ ਕੋਲ ਆਨੰਦ ਕਾਰਜ ਮੈਰਿਜ ਵਿਆਹ ਕਾਨੂੰਨ ਦੀ ਹੋਂਦ ਹੈ। ਫਿਰ ਹੋਣ ਹਿੰਦੂ ਮੈਰਿਜ ਐਕਟ ਤਹਿਤ ਸਿੱਖਾਂ ਦੇ ਵਿਆਹ ਪੰਜੀਕਰਨ ਕਰਕੇ ਇੱਕ ਗਿਣੀ ਮਿਥੀ ਸਾਜਿਸ਼ ਤਹਿਤ ਸਿੱਖਾਂ ਦੇ ਧਾਰਮਿਕ ਅਸਤਿਤਵ ਦੀ ਨਸਲ ਕੁਸ਼ੀ ਕਿਉਂ ਕੀਤੀ ਜਾ ਰਹੀ ਹੈ। ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਨੇ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਨੂੰ ਅਪੀਲ ਕੀਤੀ ਹੈ ਕਿ ਆਪਸ 'ਚ ਪਈਆਂ ਵਕਤੀ ਦੂਰੀਆਂ ਪਾਈ ਬੈਠੇ ਸਮੂਹ ਜੁਝਾਰੂ ਲੀਡਰਾਂ ਨੂੰ ਇੱਕ ਮੰਚ ਤੇ ਲਿਆਉਣ ਲਈ ਸਮਾਜ ਹਿਤੈਸ਼ੀ ਭੂਮਿਕਾ ਨਿਭਾਉਣ।ਮੀਟਿੰਗ ਉਪਰੰਤ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਸ਼ਮੇਸ਼ ਤਰਨਾ ਦਲ ਦੇ ਮੁੱਖੀ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਨੇ ਦੱਸਿਆ ਕਿ ਪੰਥਕ ਮਸਲਿਆਂ ਤੇ ਵਿਚਾਰ ਚਰਚਾ ਕਰਨ ਲਈ ਅੱਜ ਮੇਰੇ ਪੜਾਅ ਤੇ ਸੋਸ਼ਿਲਸਟ ਸਰਦਾਰ ਸਤਨਾਮ ਸਿੰਘ ਗਿੱਲ ਤੇ ਉਹਨਾਂ ਦੇ ਸਾਥੀ ਨੇ ਮੁਲਾਕਾਤ ਕੀਤੀ ਹੈ ਉਹਨਾਂ ਨੇ ਕਿਹਾ ਕਿ ਪੰਜਾਬ 'ਚ ਸਿੱਖਾਂ ਨੂੰ ਆਨੰਦ ਵਿਆਹ ਕਾਨੂੰਨ ਦੇ ਹੱਕ ਦਵਾਉਣ ਲਈ ਅਸੀਂ ਇਕੱਠੇ ਹੋ ਕੇ ਲਹਿਰ ਖੜੀ ਕਰ ਰਹੇ ਹਾਂ।ਉਨਾ ਨੇ ਕਿਹਾ ਸਿੱਖ ਭਾਈਚਾਰੇ ਦਾ ਇੱਕ ਵਫਦ ਜਲਦੀ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਮਿਲਕੇ ਮੰਗ ਕਰੇਗਾ ਕਿ ਪੰਜਾਬ ਵਿੱਚ ਆਨੰਦ ਵਿਆਹ ਕਨੂੰਨ ਲਾਗੂ ਕਰਨ ਲਈ ਸਟੇਟ ਨਾਲ ਪੱਤਰ ਵਿਹਾਰ ਕਰਨ। ਉਨਾ ਨੇ ਕਿਹਾ ਕਿ ਅਸੀ ਪੰਜਾਬ ਵਿੱਚ ਮਿਸਾਲੀਆ ਫੈਸਲੇ ਨਾਲ ਸਿੱਖ ਸਮਾਜ ਨੂੰ ਮਜਬੂਤ ਆਧਾਰ ਪਰਦਾਨ ਕਰਾਗੇ ।

### ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਮਿਲਣ ਦਾ ਕੀਤਾ ਫੈਸਲਾ

ਭਾਈ ਗਜਿੰਦਰ ਸਿੰਘ ਤੇ ਸ਼ਹੀਦ ਭਾਈ ਨਿੱਝਰ ਦੀ ਯਾਦ 'ਚ

# ਸ਼ਰਧਾਂਜਲੀ ਸਮਾਗਮ 5 ਜੁਲਾਈ ਨੂੰ ਹੋਣਗੇ: ਬਾਬਾ ਹਰਦੀਪ ਸਿੰਘ



ਨਵੀਂ ਦਿੱਲੀ, 21 ਜੂਨ (ਮਨਪ੍ਰੀਤ ਸਿੰਘ ਖਾਲਸਾ):- ਦਲ ਖਾਲਸਾ ਦੇ ਸੀਨੀਅਰ ਆਗੂ ਬਾਬਾ ਹਰਦੀਪ ਸਿੰਘ ਮਹਿਰਾਜ ਅਤੇ ਬਲਕਰਨ ਸਿੰਘ ਡੱਬਵਾਲੀ ਨੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਦਲ ਖਾਲਸਾ ਦੇ ਬਾਨੀ ਸਰਦਾਰ ਗਜਿੰਦਰ ਸਿੰਘ ਜੀ ਅਤੇ ਸ਼ਹੀਦ ਭਾਈ ਹਰਦੀਪ ਸਿੰਘ ਨਿਝਰ ਜੀ ਦੀ ਯਾਦ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਵਿਖ਼ੇ ਸ਼ਰਧਾਂਜਲੀ ਸਮਾਗਮ ਮਨਾਇਆ ਜਾ ਰਿਹਾ ਹੈ।ਉਹਨਾਂ ਦਸਿਆਂ ਕਿ 3 ਜੁਲਾਈ 2025 ਦਿਨ ਵੀਰਵਾਰ ਨੂੰ ਗੁਰਦਆਰਾ ਸ਼ਹੀਦ ਬਾਬਾ ਗੁਰਬਖਸ਼ ਸਿੰਘ ਵਿਖ਼ੇ ਸ੍ਰੀ ਅਖੰਡ ਪਾਠ ਸਾਹਿਬ ਪ੍ਰਾ-ਆਰੰਭ ਕੀਤੇ ਜਾਣਗੇ ਅਤੇ 5 ਜੁਲਾਈ 2025 ਦਿਨ ਸ਼ਨੀਵਾਰ ਨੂੰ ਸੁਬਹਾ 8 ਵਜੇ ਦੇ ਕਰੀਬ ਭੋਗ ਪਾਏ ਜਾਣਗੇ। ਸਿੱਖ ਆਗੂਆਂ ਨੇ ਸਰਬੱਤ ਸਿੱਖ ਸੰਗਤਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਰਧਾਂਜਲੀ ਸਮਾਗਮ ਵਿੱਚ ਹਾਜ਼ਰੀਆਂ ਭਰੀਏ ਅਤੇ ਸ਼ਹੀਦਾਂ ਨੂੰ ਨਤ-ਮਸਤਕ ਹੋਈਏ । ਇਸ ਮੌਕੇ ਉਹਨਾਂ ਦੇ ਨਾਲ ਪੱਤਰਕਾਰ ਭਾਈ ਬਲਜਿੰਦਰ ਸਿੰਘ ਕੋਟਭਾਰਾ, ਡਾ ਬਲਜਿੰਦਰ ਸਿੰਘ ਪੂਹਲਾ, ਭਾਈ ਜੀਵਨ ਸਿੰਘ ਗਿੱਲ ਕਲਾਂ ਜਿਲਾ ਪ੍ਰਧਾਨ ਦਲ ਖਾਲਸਾ, ਸਿੱਖ ਪ੍ਰਚਾਰਕ ਭਾਈ ਰਾਮ ਸਿੰਘ ਢਪਾਲੀ, ਬਾਬਾ ਭਗਵਾਨ ਸਿੰਘ ਸੰਧੂ ਖੁਰਦ, ਬਾਬਾ ਪਾਲਾ ਸਿੰਘ, ਭਾਈ ਪ੍ਰਦੀਪ ਸਿੰਘ ਭਾਗੀ ਬਾਂਦਰ, ਤੇਜਾ ਸਿੰਘ ਲਹਿਰਾ ਮੁਹੱਬਤ ਵੀ ਹਾਜ਼ਰ ਸਨ ।

# ਪਿੰਡ ਬੱਗਾ ਵਿਖੇ ਡਰਾਈਡੇ ਮਨਾਇਆ ਗਿਆ



**ਚੌਕ ਮਹਿਤਾ, 21 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਹਤ ਵਿਭਾਗ ਸਿਵਲ ਸਰਜਨ ਅੰਮ੍ਰਿਸਰ ਡਾ ਕਿਰਨਦੀਪ ਕੌਰ ਤੇ ਮਲੇਰੀਆ ਅਫਸਰ ਡਾ.ਹਰਜੋਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫਸਰ ਸੀਐਚਸੀ ਤਰਸਿੱਕਾ ਡਾ.ਮੋਨਾ ਚਤਰਥ ਦੀ ਅਗਵਾਈ ਹੇਠ ਪਿੰਡ ਬੱਗਾ ਦੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਜਿਸ ਵਿੱਚ ਡੇਂਗੂ ਬੁਖਾਰ ਅਤੇ ਬਚਾਅ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਡੇਂਗੂ ਬੁਖਾਰ ਐਡੀਜ ਅਜੈਪਟੀ ਨਾਂ ਦੇ ਮੱਛਰ ਦੇ ਕੱਟਣ ਨਾਲ ਫੈਲਦਾ ਹੈ। ਇਹ ਦਿਨ ਵੇਲੇ ਸਾਫ ਪਾਣੀ ਤੇ ਪਲਦਾ ਹੈ, ਤੇ ਸ਼ਾਮ ਵੇਲੇ ਕੱਟਦਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਧਰਮਿੰਦਰ ਜੀਤ ਸਿੰਘ ਐਸਆਈ, ਅਮਨਪ੍ਰੀਤ ਕੌਰ ਸੀਐੱਚਓ, ਉਪਜੀਤ ਕੌਰ ਐਨਮ, ਸੁਖਚੈਨ ਸਿੰਘ ਹੈਲਥ ਵਰਕਰ, ਰਣਜੀਤ ਕੌਰ, ਜਸਬੀਰ ਕੌਰ, ਗੁਰਜੀਤ ਕੌਰ, ਰਜਿੰਦਰ ਕੌਰ, ਕੁਲਵਿੰਦਰ ਕੌਰ ਆਸਾ ਵਰਕਰ ਆਦਿ ਹਾਜ਼ਰ ਸਨ।

# ਰੂਸੀ ਰਾਸ਼ਟਰਪਤੀ ਪੁਤਿਨ ਦੀ ਵਕਾਲਤ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਹੇਠ ਭਾਰਤ ਦੇ ਵਧਦੇ ਪ੍ਰਭਾਵ ਦਾ ਸਬੂਤ: ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 21 ਜੂਨ (ਆਵਾਜ਼ਿ ਕੌਮ ਬਿਊਰੋ)**-ਭਾਜਪਾ ਦੇ ਸੂਬਾ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਵੱਲੋਂ ਭਾਰਤ ਅਤੇ ਚੀਨ ਨਾਲ ਲੰਬੇ ਸਮੇਂ ਦੇ ਸਹਿਯੋਗ ਲਈ ਮਾਸਕੋ ਦੀ ਕਾਰਜ ਯੋਜਨਾ ਨੂੰ ਜਲਦੀ ਅੰਤਿਮ ਰੂਪ ਦੇਣ ਦੀ ਵਕਾਲਤ ਅਤੇ ਰੂਸ ਦਾ ਚੀਨ ਨਾਲ ਇੱਕ ਨਵਾਂ ਬਹੁ-ਧਰੁਵੀ ਵਿਸ਼ਵ ਵਿਵਸਥਾ ਬਣਾਉਣ ਤੋਂ ਸਪੱਸ਼ਟ ਇਨਕਾਰ ਇਹ ਸਾਬਤ ਕਰਦਾ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਰਤੀ ਕੂਟਨੀਤੀ ਨਾ ਸਿਰਫ਼ ਪਿਛਲੀਆਂ ਸਾਰਿਆਂ ਦੀ ਤੁਲਣਾ 'ਚ ਵਧੇਰੇ ਵਿਹਾਰਕ ਅਤੇ ਦੂਰਦਰਸ਼ੀ ਸਾਬਤ ਹੋਈ ਹੈ, ਸਗੋਂ ਇਹ ਦੁਨੀਆ ਵਿੱਚ ਭਾਰਤ ਦੇ ਵਧਦੇ ਪ੍ਰਭਾਵ ਦਾ ਵੀ ਸਬੂਤ ਹੈ ਅਤੇ ਹੁਣ ਕੂਟਨੀਤੀ ਵਿੱਚ ਚੀਨ ਨੂੰ ਸ਼ੀਸ਼ਾ ਦਿਖਾਇਆ ਗਿਆ ਹੈ। ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਸੇਂਟ ਪੀਟਰਸਬਰਗ ਇੰਟਰਨੈਸ਼ਨਲ ਇਕਨਾਮਿਕ ਫੋਰਮ 2025 ਵਿੱਚ ਰੂਸੀ ਰਾਸ਼ਟਰਪਤੀ ਪੁਤਿਨ ਦਾ ਭਾਰਤ ਪ੍ਰਤੀ ਦ੍ਰਿਸ਼ਟੀਕੋਣ ਅਤੇ ਸਮਰਥਨ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਹੇਠ ਭਾਰਤ ਵਿੱਚ ਮਜ਼ਬੂਤ ਸਰਕਾਰ, ਭਾਰਤ ਦੀ ਮਜ਼ਬੂਤ ਆਰਥਿਕ ਅਤੇ ਫੌਜੀ ਸ਼ਕਤੀ, ਸਵੈ-ਨਿਰਭਰ ਭਾਰਤ ਅਤੇ ਵਿਕਾਸ ਲਈ ਇੱਕ ਵਿਆਪਕ ਪਹੁੰਚ ਤੋਂ ਇਲਾਵਾ ਵਿਸ਼ਵ ਰਾਜਨੀਤੀ ਨੂੰ ਆਕਾਰ ਦੇਣ ਦੀ ਭਾਰਤ ਦੀ ਯੋਗਤਾ ਦੀ ਮਾਨਤਾ ਹੈ। ਰੂਸ ਨਾਲ ਭਾਰਤ ਦੇ ਸਬੰਧ ਲੰਬੇ ਸਮੇਂ ਤੋਂ ਚੰਗੇ ਰਹੇ ਹਨ, ਰੂਸ ਭਾਰਤ ਦਾ ਇੱਕ ਭਰੋਸੇਮੰਦ ਰਣਨੀਤਕ ਭਾਈਵਾਲ ਹੈ ਅਤੇ ਇਸ ਸਾਂਝੇਦਾਰੀ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਰੂਸ ਦੇ ਸਰਵਉੱਚ ਨਾਗਰਿਕ ਸਨਮਾਨ 'ਆਰਡਰ ਆਫ਼ ਸੇਂਟ ਐਂਡਰਿਊ ਦ ਅਪੋਸਟਲ' ਨਾਲ ਸਨਮਾਨਿਤ ਕੀਤਾ ਜਾ ਚੁਕਾ ਹੈ। ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਰੂਸ ਨੇ ਹਮੇਸ਼ਾ ਭਾਰਤ ਦੀਆਂ ਰਾਸ਼ਟਰੀ ਤਰਜੀਹਾਂ ਦਾ ਸਤਿਕਾਰ ਕੀਤਾ ਹੈ ਅਤੇ ਪਾਕਿਸਤਾਨ-ਪ੍ਰਯੋਜਿਤ ਅੱਤਵਾਦ ਵਿਰੁੱਧ ਹਮੇਸ਼ਾ ਭਾਰਤ ਦਾ ਸਮਰਥਨ ਕੀਤਾ ਹੈ। ਭਾਰਤ ਆਪਣੀ ਰਣਨੀਤਕ ਖੁਦਮੁਖਤਿਆਰੀ ਲਈ ਵਚਨਬੱਧ ਹੈ ਅਤੇ ਰਾਸ਼ਟਰੀ ਹਿੱਤ ਵਿੱਚ ਆਪਣੀਆਂ ਸ਼ਰਤਾਂ 'ਤੇ ਵੱਡੇ ਪ੍ਰੋਜੈਕਟਾਂ ਨੂੰ ਅੰਤਿਮ ਰੂਪ ਦੇਣ ਦੇ ਯੋਗ ਹੈ, ਜਿਵੇਂ ਕਿ ਰੂਸ-ਯੂਕਰੇਨ ਯੁੱਧ ਲਈ ਪਾਬੰਦੀਆਂ ਦੇ ਵਿਚਕਾਰ ਭਾਰਤ ਦੁਆਰਾ ਰੂਸ ਤੋਂ ਸਸਤਾ ਈਂਧਨ ਖਰੀਦਣ ਤੋਂ ਸਪੱਸ਼ਟ ਹੈ। ਅੱਜ ਭਾਰਤ ਹਰ ਖੇਤਰ ਵਿੱਚ ਸਵੈ-ਨਿਰਭਰ ਹੋ ਰਿਹਾ ਹੈ। ਇਸਨੇ ਰੱਖਿਆ ਉਪਕਰਣਾਂ ਦੇ ਖਪਤਕਾਰ ਦੀ ਬਜਾਏ ਇੱਕ ਪ੍ਰਮੁੱਖ ਵਿਸ਼ਵਵਿਆਪੀ ਰੱਖਿਆ ਉਪਕਰਣ ਨਿਰਮਾਤਾ ਵਜੋਂ ਆਪਣੇ ਆਪ ਨੂੰ ਸਥਾਪਿਤ ਕੀਤਾ ਹੈ। ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਪੁਤਿਨ ਦਾ ਵਪਾਰਕ ਏਜੰਡਾ ਭਾਰਤ ਨਾਲ ਵਪਾਰਕ ਨੈੱਟਵਰਕ ਨੂੰ ਹੋਰ ਵਧਾਉਣ ਦੀ ਸੰਭਾਵਨਾ 'ਤੇ ਅਧਾਰਤ ਹੈ। ਆਰਥਿਕ, ਵਪਾਰ, ਰੱਖਿਆ ਸਹਿਯੋਗ ਅਤੇ ਪ੍ਰਮਾਣੂ ਊਰਜਾ 'ਤੇ ਪਹਿਲਾਂ ਹੀ ਸਮਝੌਤਿਆਂ ਦੇ ਨਾਲ, ਦੋਵਾਂ ਦੇਸ਼ਾਂ ਨੇ ਇਨ੍ਹਾਂ ਖੇਤਰਾਂ ਵਿੱਚ ਮਹੱਤਵਪੂਰਨ ਤਰੱਕੀ ਕੀਤੀ ਹੈ। ਭਾਰਤ ਪਹਿਲਾਂ ਹੀ ਰੂਸ ਦੇ ਤੇਲ ਅਤੇ ਗੈਸ ਆਯਾਤ ਵਿੱਚ ਇੱਕ ਵੱਡਾ ਭਾਈਵਾਲ ਹੈ। ਹੁਣ, ਇਹ ਭਾਰਤੀ ਕਾਰੋਬਾਰਾਂ ਲਈ ਖੇਤੀਬਾੜੀ, ਫਾਰਮਾਸਿਊਟੀਕਲ, ਲੌਜਿਸਟਿਕਸ, ਆਵਾਜਾਈ, ਬੁਨਿਆਦੀ ਢਾਂਚਾ ਵਿਕਾਸ, ਰੇਲਵੇ ਆਧੁਨਿਕੀਕਰਨ, ਸੂਚਨਾ ਤਕਨਾਲੋਜੀ, ਆਰਟੀਫੀਸ਼ੀਅਲ ਇੰਟੈਲੀਜੈਂਸ, ਜਹਾਜ਼ ਨਿਰਮਾਣ, ਮਾਈਨਿੰਗ, ਸੈਰ-ਸਪਾਟਾ ਵਰਗੇ ਖੇਤਰਾਂ ਵਿੱਚ ਦਾਖਲ ਹੋਣ ਦਾ ਰਾਹ ਪੱਧਰਾ ਕਰਦਾ ਹੈ। ਇਸ ਤਰ੍ਹਾਂ, ਭਾਰਤ-ਰੂਸ ਸਹਿਯੋਗ ਵਧਾਉਣ 'ਤੇ ਜ਼ੋਰ ਦੋਵਾਂ ਦੇਸ਼ਾਂ ਦੇ ਕਾਰੋਬਾਰੀਆਂ ਅਤੇ ਉੱਦਮੀਆਂ ਲਈ ਇੱਕ ਵੱਡਾ ਮੌਕਾ ਹੈ। ਰੂਸ-ਭਾਰਤ ਵਪਾਰ ਨੇ 2024 ਵਿੱਚ 21% ਦੀ ਵਾਧਾ ਦਰਜ ਕੀਤਾ, ਜੋ ਕਿ 70.6 ਬਿਲੀਅਨ ਡਾਲਰ ਦੇ ਰਿਕਾਰਡ ਉੱਚੇ ਪੱਧਰ 'ਤੇ ਪਹੁੰਚ ਗਿਆ।





## ਜਨਮ ਦਿਨ ਮੁਬਾਰਕ

**ਕੀਰਤ ਕੌਰ**

ਪਿਤਾ ਪ੍ਰਧਾਨ ਅਜੀਤ ਸਿੰਘ, ਮਾਤਾ ਕਿਰਨਜੀਤ ਕੌਰ, ਚੌਕ ਮਹਿਤਾ

(ਫੋਟੋ ਵੇਰਵਾ-ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV

### ਸੰਤ ਬਾਬਾ ਸੱਜਣ ਸਿੰਘ ਇੰਗਲੈਂਡ ਫੇਰੀ ਦੌਰਾਨ

# ਤਰਨਪ੍ਰੀਤ ਸਿੰਘ ਔਲਖ ਜੇਠੂਵਾਲ ਦੇ ਗ੍ਰਹਿ ਵਿਖੇ ਪੁੱਜੇ



**ਚੌਕ ਮਹਿਤਾ, 21 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਛੇਵੀਂ ਪਾਤਿਸ਼ਾਹੀ ਦੀ ਚਰਨਛੋਹ ਪ੍ਰਾਪਤ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਮੱਤੇਵਾਲ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਜੋਂ ਇੰਗਲੈਂਡ ਦੀ ਧਰਤੀ ਤੇ ਧਰਮ ਪ੍ਰਚਾਰ ਲਈ ਆਏ ਹੋਏ ਹਨ ਅਤੇ ਸੰਗਤਾਂ ਸੰਤ ਬਾਬਾ ਸੱਜਣ ਸਿੰਘ ਜੀ ਨੂੰ ਅਥਾਹ ਪਿਆਰ ਦੇ ਰਹੀਆਂ ਹਨ ,ਇਸੇ ਤਰ੍ਹਾਂ ਜਿਲਾ ਅੰਮ੍ਰਿਤਸਰ ਨਾਲ ਸੰਬੰਧਤ ਪਿੰਡ ਜੇਠੂਵਾਲ ਦੇ ਵਸਨੀਕ ਰਣਜੀਤ ਸਿੰਘ ਔਲਖ ਦੇ ਸਪੁੱਤਰ , ਪੱਤਰਕਾਰ ਤਰਸੇਮ ਸਿੰਘ ਸਾਧਪੁਰ ਦੇ ਨਜਦੀਕੀ ਰਿਸ਼ਤੇਦਾਰ ਬੇਟਾ ਤਰਨਪ੍ਰੀਤ ਸਿੰਘ ਔਲਖ ਦੇ ਸੱਦੇ ਤੇ ਸੰਤ ਬਾਬਾ ਸੱਜਣ ਸਿੰਘ ਆਪਣੇ ਹੋਰ ਸੇਵਾਦਾਰ ਸਾਥੀਆਂ ਨਾਲ ਉਹਨਾਂ ਦੇ ਗ੍ਰਹ ਸਾਊਥ ਹਾਲ ਵਿਖੇ ਪਹੁੰਚੇ੍ ਇੱਥੇ ਪਹੁੰਚਣ ਤੇ ਤਰਨਪ੍ਰੀਤ ਸਿੰਘ ਤੇ ਉਹਨਾਂ ਤੇ ਪਰਿਵਾਰ ਵੱਲੋਂ ਸੰਤ ਬਾਬਾ ਸੱਜਣ ਸਿੰਘ ਦਾ ਨਿੱਘਾ ਸਵਾਗਤ ਕੀਤਾ ਗਿਆ੍ ਇਸ ਮੌਕੇ ਗੱਲਬਾਤ ਕਰਦਿਆਂ ਤਰਨਪ੍ਰੀਤ ਸਿੰਘ ਔਲਖ ਨੇ ਕਿਹਾ ਕਿ ਬਾਬਾ ਜੀ ਦੇ ਦਰਸ਼ਨ ਦੀਦਾਰੇ ਕਰਕੇ ਉਨ੍ਹਾਂ ਦੀ ਰੂਹ ਨੂੰ ਸਕੂਨ ਮਿਲਿਆ ਹੈ੍ ਸੰਤ ਬਾਬਾ ਸੱਜਣ ਸਿੰਘ ਹੁਰਾਂ ਨੇ ਗੁਰੂ ਕਾ ਲੰਗਰ ਛਕਿਆ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ੍ ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਸਮਸ਼ੇਰ ਸਿੰਘ ਵਿਰਕ, ਗੁਰਸ਼ਰਨ ਸਿੰਘ ਸੰਧੂ, ਬੀਬਾ ਅਰਪਿੰਦਰ ਕੌਰ ਔਲਖ, ਹਰਪਾਲ ਸਿੰਘ ਅਤੇ ਹੋਰ ਗੁਰੂ ਘਰ ਦੇ ਸੇਵਾਦਾਰ ਵੀ ਹਾਜਰ ਸਨ।

### ਸਹਿਕਾਰੀ ਖੇਤੀ ਵਿਕਾਸ ਬੈਂਕਾਂ ਨੇ ਵਿਸ਼ਵ ਯੋਗ ਦਿਵਸ 2025 ਮਨਾਇਆ

# ਚੰਗੀ ਸਿਹਤ ਲਈ ਯੋਗ ਅਤਿ ਜ਼ਰੂਰੀ: ਰਾਜਵੰਤ ਸਿੰਘ ਘੁੱਲੀ








**ਧੂਰੀ ( ਰਣਜੀਤ ਸਿੰਘ ਪੇਧਨੀ )**-ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕਾਂ ਜ਼ਿਲ੍ਹਾ ਸੰਗਰੂਰ ਵੱਲੋਂ ਵਿਸ਼ਵ ਯੋਗ ਦਿਵਸ ਭਾਰਤੀ ਯੋਗ ਸੰਸਥਾਨ ਬਰਾਂਚ ਧੂਰੀ ਦੇ ਸਹਿਯੋਗ ਨਾਲ ਰਾਮ ਬਾਗ, ਧੂਰੀ ਵਿਖੇ ਮਦਨ ਲਾਲ ਜ਼ਿਲ੍ਹਾ ਪ੍ਰਧਾਨ ਭਾਰਤੀ ਯੋਗ ਸੰਸਥਾਨ ਜ਼ਿਲ੍ਹਾ ਸੰਗਰੂਰ ਦੀ ਅਗਵਾਈ ਵਿੱਚ ਮਨਾਇਆ ਗਿਆ। ਇਸ ਵਿੱਚ ਉਚੇਚੇ ਤੌਰ ਉੱਤੇ ਸ਼ਿਰਕਤ ਕਰਦਿਆਂ ਮੁੱਖ ਮੰਤਰੀ ਧੂਰੀ ਕੈਂਪਸ ਦੇ ਇੰਚਾਰਜ ਚੈਅਰਮੈਨ ਮਾਰਕੀਟ ਕਮੇਟੀ ਧੂਰੀ, ਸ. ਰਾਜਵੰਤ ਸਿੰਘ ਘੁੱਲੀ ਨੇ ਯੋਗ ਸਾਧਕਾਂ ਨੂੰ ਯੋਗ ਦੇ ਫਾਇਦੇ ਦੱਸ ਕੇ ਵੱਧ ਤੋਂ ਵੱਧ ਯੋਗ ਕਰਨ ਲਈ ਪ੍ਰੇਰਿਤ ਕੀਤਾ। ਉਹਨਾਂ ਕਿਹਾ ਕਿ ਯੋਗ ਨਾਲ ਮਨੁੱਖ ਸਿਰਫ ਸਰੀਰਕ ਤੌਰ ਉੱਤੇ ਹੀ ਨਹੀਂ ਸਗੋਂ ਮਾਨਸਿਕ ਤੌਰ ਉੱਤੇ ਵੀ ਮਜ਼ਬੂਤ ਹੁੰਦਾ ਹੈ। ਚੰਗੀ ਸਿਹਤ ਤੇ ਖੁਸ਼ੀਆਂ ਭਰੇ ਜੀਵਨ ਲਈ ਯੋਗ ਅਤਿ ਜ਼ਰੂਰੀ ਹੈ ਤੇ ਹਰ ਇਨਸਾਨ ਨੂੰ ਯੋਗ ਜ਼ਰੂਰ ਕਰਨਾ ਚਾਹੀਦਾ ਹੈ। ਇਸ ਮੌਕੇ ਸਹਿਕਾਰੀ ਖੇਤੀ ਵਿਕਾਸ ਬੈਂਕ ਜ਼ਿਲ੍ਹਾ ਸੰਗਰੂਰ ਦੇ ਸਹਾਇਕ ਜਨਰਲ ਮੈਨੇਜਰ ਸ਼ੈਲੇਂਦਰ ਕੁਮਾਰ ਗਰਗ ਨੇ ਆਏ ਯੋਗ ਸਾਧਕਾਂ ਦਾ ਸਵਾਗਤ ਕੀਤਾ। ਨਿਸ਼ੀ ਗੋਇਲ ਵੱਲੋ ਸਟੇਜ ਸਕੱਤਰ ਦੀ ਭੂਮੀਕਾ ਬਾਖੂਬੀ ਨਿਭਾਈ ਗਈ ਅਤੇ ਯੋਗ ਸਾਧਕਾਂ ਨੂੰ ਵੱਖ ਵੱਖ ਤਰ੍ਹਾਂ ਦੇ ਯੋਗ ਆਸਣ ਕਰਵਾਏ ਗਏ। ਸਹਿਕਾਰੀ ਖੇਤੀ ਵਿਕਾਸ ਬੈਂਕ ਧੂਰੀ ਦੇ ਪ੍ਰਧਾਨ ਸਤਵੰਤ ਸਿੰਘ ਭੱਦਲਵੜ ਨੇ ਦੱਸਿਆ ਕਿ ਰੋਜ਼ਾਨਾ ਯੋਗ ਕਰਨ ਨਾਲ ਕਈ ਤਰ੍ਹਾਂ ਦੀਆਂ ਬਿਮਾਰੀਆਂ ਦੂਰ ਹੁੰਦੀਆਂ ਹਨ। ਮਹਿੰਦਰ ਗਰਗ ਯੋਗ ਮਾਸਟਰ ਨੇ ਕਿਹਾ ਕਿ ਯੋਗ ਕਰਨ ਨਾਲ ਮਨੁੱਖ ਸਰੀਰਕ ਤੌਰ 'ਤੇ ਤੰਦਰੁਸਤ ਰਹਿੰਦਾ ਹੈ ਅਤੇ ਨਾਲ ਹੀ ਮਾਨਸਿਕ ਤੌਰ 'ਤੇ ਵੀ ਬਹੁਤ ਲਾਭ ਹੁੰਦਾ ਹੈ। ਸਬ ਡਵੀਜਨ ਧੂਰੀ ਦੇ ਤਹਿਸੀਲਦਾਰ ਵਿਸ਼ਵਜੀਤ ਸਿੰਘ ਨੇ ਕਿਹਾ ਕਿ ਉਹਨਾਂ ਨੂੰ ਯੋਗ ਕਰ ਕੇ ਬਹੁਤ ਵਧੀਆ ਲੱਗਿਆ ਹੈ ਤੇ ਹਰ ਮਨੁੱਖ ਨੂੰ ਹਰ ਰੋਜ਼ ਯੋਗ ਕਰਨਾ ਚਾਹੀਦਾ ਹੈ। ਇਸ ਮੌਕੇ ਸਾਰੇ ਯੋਗ ਸਾਧਕਾਂ ਨੇ ਯੋਗ ਸੰਸਥਾਨ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਮਦਨ ਲਾਲ ਬਾਂਸਲ ਦੀ ਅਗਵਾਈ ਹੇਠ ਨਸ਼ਾ ਛੱਡੋ, ਰੁੱਖ ਲਗਾਓ, ਬਿਜਲੀ ਪਾਣੀ ਬਚਾਓ ਅਤੇ ਰੋਜਾਨਾ ਯੋਗ ਕਰਨ ਦਾ ਸਕੰਲਪ ਲਿਆ। ਅਖੀਰ ਵਿਚ ਮਦਨ ਲਾਲ ਬਾਂਸਲ ਅਤੇ ਸਤਵੰਤ ਸਿੰਘ ਭੱਦਲਵੜ ਵੱਲੋ ਉਘੇ ਯੋਗ ਸਾਧਕਾਂ ਨੂੰ ਮਾਣ ਪੱਤਰ ਵੀ ਭੇਟ ਕੀਤੇ ਗਏ। ਯੋਗ ਸੰਸਥਾਨ ਦੇ ਜ਼ਿਲ੍ਹਾ ਪ੍ਰਧਾਨ ਮਦਨ ਲਾਲ ਬਾਂਸਲ ਵੱਲੋਂ ਯੋਗ ਸ਼ਿਵਰ ਦਾ ਸੁਚਾਰੂ ਬੰਦੋਬਸਤ ਕਰਨ ਲਈ ਸੁਰਿੰਦਰ ਗਰਗ ਮੈਨੇਜਰ ਸਹਿਕਾਰੀ ਖੇਤੀ ਵਿਕਾਸ ਬੈਂਕ ਧੂਰੀ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਸਹਿਕਾਰੀ ਖੇਤੀ ਵਿਕਾਸ ਬੈਂਕਾਂ ਦੇ ਮੈਨੇਜਰ ਪਰਮਵੀਰ ਕੌਰ, ਸੁਰਿੰਦਰ ਗਰਗ, ਹਰਜੀਤ ਸਿੰਘ, ਸਹਾਇਕ ਮੈਨੇਜਰ ਹਰਪ੍ਰੀਤ ਸਿੰਘ, ਹਰਮਨਜੀਤ ਸਿੰਘ, ਗਗਨ ਜਿੰਦਲ, ਗੁਰਪ੍ਰੀਤ ਸਿੰਘ, ਤੇਜਿੰਦਰ ਸਿੰਘ ਅਤੇ ਉਘੇ ਯੋਗ ਸਾਧਕ ਨਿਰਮਲ ਸਿੰਘ, ਸਾਗਰ ਕੁਮਾਰ, ਗੁਰਦੀਪ ਸਿੰਘ, ਹਰਪ੍ਰੀਤ ਸਿੰਘ ਗਿੱਲ, ਜੰਗ ਧੂਰੀ ,ਮਾਣਾ ਗਰੇਵਾਲ, ਭਿੰਦਾ ਵਿਰਕ , ਰਾਜੂ ਲੱਡਾ, ਭੋਲਾ ਅਲਾਲ ਆਦਿ ਹਾਜ਼ਰ ਸਨ।







## ਜਨਮ ਦਿਨ ਮੁਬਾਰਕ

ਜਥੇਦਾਰ ਸੰਤ ਬਾਬਾ ਬੋਹੜ ਸਿੰਘ ਜੀ ਦਮਦਮੀ ਟਕਸਾਲ ਵਾਲਿਆਂ ਦੇ ਜਨਮ ਦਿਨ ਦੀਆਂ ਲੱਖ ਲੱਖ ਵਧਾਈਆਂ ਹੋਣ ਜੀ
(ਵੱਲੋਂ ਸੰਤ ਸਮਾਜ ਮਾਝਾ ਜੋਂਨ)
( ਜਾਰੀ ਕਰਦਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

# ਪਿਛਲੇ ਕਈ ਸਾਲਾਂ ਤੋਂ ਝੁੱਗੀ ਚ ਰਹਿ ਕੇ ਜੂਨ ਗੁਜ਼ਾਰਾ ਕਰ ਰਿਹਾ ਹੈ : ਨਿਹੰਗ ਬਘੇਰਾ ਸਿੰਘ

## ਸਰਕਾਰ, ਸਮਾਜ ਸੇਵੀ ਸੰਸਥਾਵਾਂ ਨੂੰ ਮੱਦਦ ਕਰਨ ਦੀ ਕੀਤੀ ਪੁਕਾਰ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਪਿੰਡ ਪੇਧਨੀ ਕਲਾ ਦੇ ਇੱਕ ਗਰੀਬ ਪਰਿਵਾਰ ਪਿਛਲੇ ਕਈ ਸਾਲਾਂ ਤੋਂ ਪੂਲਿਆਂ ਦੀ ਝੁੱਗੀ ਝੌਂਪੜੀ ਬਣਾ ਕੇ ਰਹਿ ਰਿਹਾ ਨਿਹੰਗ ਬਘੇਰਾ ਸਿੰਘ ਤੇ ਉਹਨਾਂ ਦੇ ਘਰ ਵਾਲੀ ਅੰਮ੍ਰਿਤਧਾਰੀ ਹਨ, ਘਰ ਦੇ ਹਾਲਤ ਗੰਭੀਰ ਹੋਣ ਕਰਕੇ ਇਸ ਮੌਕੇ ਬਘੇਰਾ ਸਿੰਘ ਦੀ ਘਰਵਾਲੀ ਨੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਅਸੀਂ ਪਿਛਲੇ ਕਈ ਸਾਲਾਂ ਤੋਂ ਇਸ ਝੁੱਗੀ ਵਿੱਚ ਰਹਿੰਦੇ ਹਾ, ਮੇਰੇ ਘਰ ਵਾਲਾ ਪਿਛਲੇ ਤਿੰਨ ਮਹੀਨਿਆਂ ਤੋਂ ਬਿਮਾਰ ਚੱਲ ਰਿਹਾ ਹੈ ਅਤੇ ਮੇਰਾ ਮੁੰਡਾ ਗਲਤ ਸੰਗਤ 'ਚ ਰਲ ਕੇ ਨਸ਼ਿਆਂ ਦੀ ਲਪੇਟ ਵਿੱਚ ਆਉਣ ਕਾਰਨ ਉਹ ਵੀ ਬਿਮਾਰ ਰਹਿੰਦਾ ਹੈ। ਸਾਨੂੰ ਅੰਤਾਂ ਦੀ ਮਹਿੰਗਾਈ ਹੋਣ ਕਾਰਨ ਇਸ ਝੁੱਗੀ ਵਿੱਚ ਜੂਨ ਗੁਜ਼ਾਰਾ ਕਰਨਾ ਬਹੁਤ ਔਖਾ ਹੋ ਰਿਹਾ ਸਾਡੇ ਕੋਲ ਦਵਾਈ ਤੱਕ ਲੈਣ ਨੂੰ ਵੀ ਪੈਸੇ ਵੀ ਨਹੀਂ, ਨਾ ਕੋਈ ਸਾਡੀ ਪੈਨਸਨ ਲੱਗੀ ਹੋਈ ਅਸੀਂ ਦੇਸ਼ ਵਿਦੇਸ਼ ਵਿੱਚ ਵੱਸਦੇ ਸਮਾਜ ਸੇਵੀ ਸੰਸਥਾਵਾਂ ਪੰਜਾਬ ਸਰਕਾਰ ਨੂੰ ਹੱਥ ਬੰਨ ਕੇ ਬੇਨਤੀ ਕਰਦੇ ਹਾਂ ਸਾਡੀ ਮਦਦ ਕੀਤੀ ਜਾਵੇ ਤਾਂ ਜੋ ਅਸੀਂ ਬਿਮਾਰੀ ਦੇ ਚੁਗਲ ਵਿੱਚੋਂ ਨਿਕਲ ਕੇ ਆਪਣਾ ਚੰਗਾ ਜੀਵਨ ਬਤੀਤ ਕਰ ਸਕੀਏ। ਪਰਿਵਾਰ ਕੋਲ ਅੱਜ ਦਵਾਈ ਲੈਣ ਨੂੰ ਪੈਸੇ ਵੀ ਨਹੀਂ, ਸਰਕਾਰ ਤੋਂ ਮੰਗ ਹੈ ਕਿ ਗਰੀਬ ਪਰਿਵਾਰ ਦੀ ਸਹਾਇਤਾ ਕੀਤੀ ਜਾਵੇ।

## ਯੋਗਾ ਮਨ ਨੂੰ ਸ਼ਾਂਤੀ ਦੇ ਨਾਲ ਨਾਲ ਸਰੀਰ ਨੂੰ ਨਿਰੋਗ ਵੀ ਰੱਖਦਾ ਹੈ : ਦਿਓਲ

**ਧੂਰੀ ( ਰਣਜੀਤ ਸਿੰਘ ਪੇਧਨੀ )**-11 ਵਾਂ ਅੰਤਰ ਰਾਸ਼ਟਰੀ ਯੋਗ ਦਿਵਸ ਧੂਰੀ ਵਿਖੇ ਕਰਵਾਏ ਗਏ ਯੋਗਾ ਕੈਂਪ ਵਿੱਚ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਸ, ਰਣਦੀਪ ਸਿੰਘ ਦਿਓਲ ਹਲਕਾ ਇੰਚਾਰਜ ਧੂਰੀ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ, ਦਿਓਲ ਅੱਜ ਦੀ ਦੌੜ ਭੱਜ ਦੀ ਮਨੁੱਖੀ ਜ਼ਿੰਦਗੀ ਵਿੱਚ ਮਨ ਦੀ ਸ਼ਾਂਤੀ ਬਹੁਤ ਜ਼ਰੂਰੀ ਹੈ, ਜਿਹੜੀ ਕਿ ਯੋਗਾ ਕਰਕੇ ਪ੍ਰਾਪਤ ਕੀਤੀ ਜਾ ਸਕਦੀ ਹੈ। ਯੋਗਾ ਮਨ ਨੂੰ ਸ਼ਾਂਤੀ ਪ੍ਰਦਾਨ ਕਰਵਾਉਣ ਦੇ ਨਾਲ ਨਾਲ ਇਹ ਸਰੀਰ ਨੂੰ ਨਿਰੋਗ ਵੀ ਰੱਖਦਾ ਹੈ। ਉਨ੍ਹਾਂ ਆਮ ਲੋਕਾਂ ਅਤੇ ਹਾਜ਼ਰੀਨ ਨੂੰ ਯੋਗ ਕਿਰਿਆਵਾਂ ਨੂੰ ਆਪਣੀ ਰੋਜ਼ਾਨਾ ਦੀ ਜ਼ਿੰਦਗੀ ਵਿੱਚ ਸ਼ਾਮਿਲ ਕਰਨ ਲਈ ਪ੍ਰੇਰਿਆ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਆਲੇ ਦੁਆਲੇ ਆਮ ਜਨਤਾ ਨੂੰ ਵੀ ਯੋਗ ਪ੍ਰਤੀ ਜਾਗਰੂਕ ਕਰਨਾ ਚਾਹੀਦਾ ਹੈ, ਤਾਂ ਜੋ ਆਪਣੀ ਅਤੇ ਆਪਣੇ ਸਹਿਕਰਮੀਆਂ ਦੀ ਸਿਹਤ ਤੰਦਰੁਸਤ ਰਹੇ ਅਤੇ ਉਨ੍ਹਾਂ ਦੀ ਜ਼ਿੰਦਗੀ ਵਿੱਚ ਖੁਸ਼ਹਾਲੀ ਰਹੇ। ਇਸ ਮੌਕੇ ਸਮਾਜ ਸੇਵੀ ਜਗਦੀਪ ਸਿੰਘ ਗੱਗੂ ਤੂਰ, ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਕ੍ਰਿਸਨ ਗੋਪਾਲ ਨੀਲੂ ਮਿੱਤਲ, ਭੁਪੇਸ਼ ਜਿੰਦਲਸੀਨੀਅਰ ਆਗੂ ਭਾਰਤੀ ਜਨਤਾ ਪਾਰਟੀ ,ਸ੍ਰੀ ਜਗਦੇਵ ਜੰਦਲ ਜੱਗਾ ਸਾਬਕਾ ਵਾਈਸ ਪ੍ਰਧਾਨ ਮਿਉਸਪਲ ਕਮੇਟੀ ਧੂਰੀ ਹਾਜਰ ਸਨ।






### ਵਿਕਾਸ ਦਾ ਪ੍ਰਤੀਕ ਬਣ ਰਿਹੈ ਵਿਧਾਨ ਸਭਾ ਹਲਕਾ ਸੁਨਾਮ: ਅਮਨ ਅਰੋੜਾ

# ਪਿੰਡ ਉਭਾਵਾਲ ਤੇ ਨਮੋਲ ਦੇ ਵਿਕਾਸ ਲਈ ਖਰਚੇ ਜਾ ਰਹੇ ਨੇ ਕਰੀਬ 05 ਕਰੋੜ ਰੁਪਏ



## ਕੈਬਨਿਟ ਮੰਤਰੀ ਨੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ ਚੈੱਕ ਸੌਂਪੇ



**ਸੁਨਾਮ ( ਰਣਜੀਤ ਸਿੰਘ ਪੇਧਨੀ )**-ਸ਼ਹੀਦ ਊਧਮ ਸਿੰਘ ਦੀ ਧਰਤੀ ਹਲਕਾ ਸੁਨਾਮ ਵਿਖੇ ਵਿਕਾਸ ਕਾਰਜ ਜੰਗੀ ਪੱਧਰ ਉੱਤੇ ਜਾਰੀ ਹਨ ਤੇ ਇਸ ਹਲਕੇ ਨੂੰ ਵਿਕਾਸ ਪੱਖੋਂ ਨਮੂਨੇ ਦਾ ਹਲਕਾ ਬਨਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ, ਜਿਸ ਸਦਕਾ ਅੱਜ ਇਹ ਹਲਕਾ ਵਿਕਾਸ ਦਾ ਪ੍ਰਤੀਕ ਬਣ ਗਿਆ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਪ੍ਰਧਾਨ ਸ਼੍ਰੀ ਅਮਨ ਅਰੋੜਾ ਨੇ ਪਿੰਡ ਨਮੋਲ ਅਤੇ ਉਭਾਵਾਲ ਵਿਖੇ ਵਿਕਾਸ ਕਾਰਜਾਂ ਲਈ ਪੰਚਾਇਆਂ ਨੂੰ ਚੈੱਕ ਸੌਂਪਣ ਮੌਕੇ ਕੀਤਾ। ਇਹਨਾਂ ਪਿੰਡਾਂ ਵਿੱਚ ਰੱਖੇ ਸਾਦੇ ਪਰ ਪ੍ਰਭਾਵਸ਼ਾਲੀ ਸਮਾਗਮਾਂ ਨੂੰ ਸੰਬੋਧਨ ਕਰਦਿਆਂ ਸ਼੍ਰੀ ਅਰੋੜਾ ਨੇ ਕਿਹਾ ਕਿ ਲੋਕਾਂ ਨੇ ਪਿਛਲੇ 70-75 ਸਾਲ ਦੇ ਰਿਕਾਰਡ ਤੋੜ ਕੇ ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਈ ਤੇ ਹੁਣ ਸਰਕਾਰ ਵੀ ਜਿਸ ਪੱਧਰ ਉੱਤੇ ਵਿਕਾਸ ਕਾਰਜ ਕਰਵਾ ਰਹੀ ਹੈ, ਉਸ ਨਾਲ ਵੀ ਪਿਛਲੇ 70-75 ਸਾਲ ਦੇ ਰਿਕਾਰਡ ਟੁੱਟ ਰਹੇ ਹਨ। ਹਲਕੇ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਦੀ ਲੜੀ ਤਹਿਤ ਹੀ ਪਿੰਡ ਨਮੋਲ ਤੇ ਉਭਾਵਾਲ ਵਿਖੇ ਕਰੀਬ 05 ਕਰੋੜ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਜਿਨ੍ਹਾਂ ਵਿੱਚੋਂ ਨਮੋਲ ਵਿਖੇ ਕਰੀਬ 03 ਕਰੋੜ 80 ਲੱਖ ਰੁਪਏ ਅਤੇ ਪਿੰਡ ਉਭਾਵਾਲ ਵਿਖੇ ਕਰੀਬ 01 ਕਰੋੜ 54 ਲੱਖ ਰੁਪਏ ਖਰਚੇ ਜਾ ਰਹੇ ਹਨ। ਪਿੰਡ ਨਮੋਲ ਵਿਖੇ ਡਿਸਪੈਂਸਰੀ ਲਈ 10 ਲੱਖ ਰੁਪਏ ਮਨਜ਼ੂਰ ਹੋਏ ਹਨ, ਜਿਸ ਸਬੰਧੀ 05 ਲੱਖ ਰੁਪਏ ਦਾ ਚੈੱਕ ਕੈਬਨਿਟ ਮੰਤਰੀ ਵੱਲੋਂ ਪਿੰਡ ਦੀ ਪੰਚਾਇਤ ਨੂੰ ਸੌਂਪਿਆ ਗਿਆ। ਇਸੇ ਤਰ੍ਹਾਂ ਪਿੰਡ ਉਭਾਵਾਲ ਵਿਖੇ ਲੰਮੇ ਸਮੇਂ ਤੋਂ ਲਟਕ ਰਹੇ ਪਾਣੀ ਦੀ ਨਿਕਾਸੀ ਦੇ ਕੰਮ ਨੂੰ ਪੂਰਾ ਕਰਨ ਹਿਤ ਕਰੀਬ 01 ਕਰੋੜ 54 ਲੱਖ ਰੁਪਏ ਦੀ ਲਾਗਤ ਨਾਲ ਕਰੀਬ 03.5 ਕਿਲੋਮੀਟਰ ਲੰਬੀ ਪਾਈਪ ਲਾਈਨ ਪਾਈ ਜਾਣੀ ਹੈ, ਜਿਸ ਸਬੰਧੀ ਕੈਬਨਿਟ ਮੰਤਰੀ ਵੱਲੋਂ 77 ਲੱਖ ਰੁਪਏ ਦਾ ਚੈੱਕ ਪੰਚਾਇਤ ਨੂੰ ਸੌਂਪਿਆ ਗਿਆ। ਇਹ ਕਾਰਜ 05 ਮਹੀਨਿਆਂ ਵਿੱਚ ਪੂਰਾ ਕੀਤਾ ਜਾਵੇਗਾ। ਕੈਬਨਿਟ ਮੰਤਰੀ ਨੇ ਕਿਹਾ ਕਿ ਜਿਵੇਂ-ਜਿਵੇਂ ਵਿਕਾਸ ਕਾਰਜਾਂ ਦਾ ਕੰਮ ਨਿਬੜਦਾ ਜਾਵੇਗਾ, ਤਿਵੇਂ-ਤਿਵੇਂ ਵਿਕਾਸ ਕਾਰਜਾਂ ਲਈ ਪੈਸੇ ਜਾਰੀ ਹੁੰਦੇ ਰਹਿਣਗੇ ਤੇ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਤੋਟ ਨਹੀਂ ਆਉਣ ਦਿੱਤੀ ਜਾਵੇਗੀ। ਸ਼੍ਰੀ ਅਰੋੜਾ ਨੇ ਇਸ ਮੌਕੇ ਲੋਕਾਂ ਦੀਆਂ ਮੁਸ਼ਕਲਾਂ ਵੀ ਸੁਣੀਆਂ ਤੇ ਉਹਨਾਂ ਦਾ ਮੌਕੇ 'ਤੇ ਹੱਲ ਵੀ ਕੀਤਾ ਤੇ ਕਈ ਮਸਲਿਆਂ ਦੇ ਹੱਲ ਲਈ ਅਧਿਕਾਰੀਆਂ ਨੂੰ ਹਦਾਇਤਾਂ ਵੀ ਦਿੱਤੀਆਂ। ਇਸ ਮੌਕੇ ਕੈਬਨਿਟ ਮੰਤਰੀ ਨੇ ਇਹ ਵੀ ਦੱਸਿਆ ਕਿ ਪਿੰਡ ਨਮੋਲ ਵਾਸੀਆਂ ਦੀ ਚਿਰਕੋਣੀ ਮੰਗ ਸੀ ਕਿ ਉਹਨਾਂ ਨੂੰ ਚੀਮਾ ਤਹਿਸੀਲ ਨਾਲੋਂ ਤੋੜ ਕੇ ਸੁਨਾਮ ਤਹਿਸੀਲ ਨਾਲ ਜੋੜਿਆ ਜਾਵੇ ਤੇ ਉਹਨਾਂ ਨੇ ਦਿਨ-ਰਾਤ ਇੱਕ ਕਰ ਕੇ ਕੈਬਨਿਟ ਵਿੱਚ ਮਨਜ਼ੂਰ ਕਰਵਾ ਕੇ ਇਹ ਕੰਮ ਕਰਵਾਇਆ। ਪਿੰਡ ਨਮੋਲ, ਸੂਬੇ ਦਾ ਇਕਲੌਤਾ ਅਜਿਹਾ ਪਿੰਡ ਹੈ, ਜਿਸ ਦੀ ਤਹਿਸੀਲ ਬਦਲੀ ਗਈ ਹੈ। ਕੈਬਨਿਟ ਮੰਤਰੀ ਨੇ ਇਸ ਦੌਰਾਨ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਵਿਕਾਸ ਕਾਰਜਾਂ ਦੇ ਮਿਆਰ ਬਾਬਤ ਕਿਸੇ ਕਿਸਮ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਤੇ ਸਾਰੇ ਵਿਕਾਸ ਕਾਰਜ ਤੈਅ ਸਮੇਂ ਵਿੱਚ ਮੁਕੰਮਲ ਹੋਣੇ ਯਕੀਨੀ ਬਣਾਏ ਜਾਣ। ਉਹਨਾਂ ਨੇ ਨਾਲ ਹੀ ਲੋਕਾਂ ਨੂੰ ਵੀ ਇਹ ਅਪੀਲ ਕੀਤੀ ਕਿ ਉਹ ਆਪ ਵੀ ਵਿਕਾਸ ਕਾਰਜਾਂ ਉੱਤੇ ਨਿਗ੍ਹਾ ਰੱਖਣ, ਜੇਕਰ ਕਿਤੇ ਕੋਈ ਊਣਤਾਈ ਨਜ਼ਰ ਆਵੇ ਤਾਂ ਫੌਰੀ ਉਹਨਾਂ ਦੇ ਧਿਆਨ ਵਿੱਚ ਲਿਆਂਦੀ ਜਾਵੇ। ਸ਼੍ਰੀ ਅਰੋੜਾ ਨੇ ਹਾਜ਼ਰੀਨ ਨੂੰ ਇਹ ਵੀ ਅਪੀਲ ਕੀਤੀ ਕਿ ਪੰਜਾਬ ਸਰਕਾਰ ਵੱਡੇ ਪੱਧਰ ਉੱਤੇ ਨਸ਼ਿਆਂ ਖ਼ਿਲਾਫ਼ ਜੰਗ ਲੜ ਰਹੀ ਹੈ ਤੇ ਵਿਆਪਕ ਰੂਪ ਵਿੱਚ ਕਾਮਯਾਬ ਵੀ ਹੋਈ ਹੈ ਪਰ ਸਰਕਾਰ ਵੱਲੋਂ ਵਿੱਢੀ ਕੋਈ ਵੀ ਮੁਹਿੰਮ ਤਾਂ ਹੀ ਮੁਕੰਮਲ ਤੌਰ ਉੱਤੇ ਕਾਮਯਾਬ ਹੋ ਸਕਦੀ ਹੈ ਜੇਕਰ ਲੋਕਾਂ ਵੱਲੋਂ ਉਸ ਮੁਹਿੰਮ ਵਿੱਚ ਪੂਰਨ ਸਹਿਯੋਗ ਦਿੱਤਾ ਜਾਵੇ। ਇਸ ਲਈ ਲੋਕ ਸਾਬਤ ਕਦਮੀਂ ਇਸ ਮੁਹਿੰਮ ਵਿੱਚ ਸਰਕਾਰ ਨੂੰ ਸਹਿਯੋਗ ਜ਼ਰੂਰ ਦੇਣ। ਇਸ ਮੌਕੇ ਸਰਪੰਚ ਯੂਨੀਅਨ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਮਨਿੰਦਰ ਸਿੰਘ ਲਖਮੀਰਵਾਲਾ, ਮੀਡੀਆ ਇੰਚਾਰਜ ਜਤਿੰਦਰ ਜੈਨ, ਬੀ.ਡੀ.ਪੀ.ਓ. ਸੁਨਾਮ ਸੰਜੀਵ ਕੁਮਾਰ, ਬੀ.ਡੀ.ਪੀ.ਓ. ਸੰਗਰੂਰ ਗੁਰਦਰਸ਼ਨ ਸਿੰਘ, ਤਹਿਸੀਲਦਾਰ ਹਰਪ੍ਰੀਤ ਸਿੰਘ, ਡੀ.ਐਸ.ਪੀ. ਸੁਨਾਮ ਹਰਵਿੰਦਰ ਸਿੰਘ ਖਹਿਰਾ, ਸਰਪੰਚ ਸਿਮਰਨਜੀਤ ਕੌਰ ਉੱਭਾਵਾਲ, ਮੋਤਾ ਸਿੰਘ, ਸਰਪੰਚ ਬਾਬੂ ਸਿੰਘ ਨਮੋਲ, ਸਰਪੰਚ ਸੁੱਖੀ ਪੂਨੀਆ ਮਿਰਜਾ ਪੱਤੀ ਨਮੋਲ, ਪੰਚ ਭੁਪਿੰਦਰ ਸਿੰਘ, ਰਣਜੀਤ ਸਿੰਘ, ਬੱਗਾ ਸਿੰਘ, ਰਾਜ ਸਿੰਘ, ਨਿਰਭੈ ਸਿੰਘ, ਸੁਖਵੀਰ ਸਿੰਘ, ਰਣਜੀਤ ਸਿੰਘ, ਕਰਮਾ ਖਾਨ, ਸਤਿਨਾਮ ਸਿੰਘ, ਜਰਨੈਲ ਸਿੰਘ, ਭੁਪਿੰਦਰ ਸਿੰਘ, ਰਿੰਕੂ ਸਿੰਘ, ਮੇਜਰ ਸਿੰਘ, ਬੱਬੂ ਸਿੰਘ, ਲਾਲ ਸਿੰਘ, ਮੱਘਰ ਸਿੰਘ, ਰਿੰਕੂ ਸਿੰਘ, ਪੱਪੂ ਚਹਿਲ, ਅਵਤਾਰ ਸਿੰਘ, ਰਣਵੀਰ ਸਿੰਘ, ਜਗਨ ਨਾਥ, ਜਗਜੀਵਨ ਸਿੰਘ, ਬੂਟਾ ਸਿੰਘ, ਅਮਰੀਕ ਸਿੰਘ, ਕੁਲਵੀਰ ਸਿੰਘ, ਗੁਰਤੇਜ ਸਿੰਘ, ਗੁਰਦੀਪ ਸਿੰਘ ਤਕੀਪੁਰ, ਅਮਰੀਕ ਸਿੰਘ ਧਾਲੀਵਾਲ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਅਹੁਦੇਦਾਰ, ਪਤਵੰਤੇ ਅਤੇ ਵੱਡੀ ਗਿਣਤੀ ਪਿੰਡਾਂ ਦੇ ਲੋਕ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸੀ ਐੱਮ ਦੀ ਯੋਗਸ਼ਾਲਾ ਦਾ ਲਾਹਾ ਲੈਣ ਅਤੇ ਯੋਗ ਕਿਰਿਆਵਾਂ ਨੂੰ ਰੋਜ਼ਾਨਾ ਦੀ ਜ਼ਿੰਦਗੀ ਵਿੱਚ ਸ਼ਾਮਿਲ ਕਰਨ ਲਈ ਪ੍ਰੇਰਿਆ

# ਯੋਗ ਮਨ ਨੂੰ ਸ਼ਾਂਤੀ ਪ੍ਰਦਾਨ ਕਰਨ ਦੇ ਨਾਲ ਨਾਲ ਸਰੀਰ ਨੂੰ ਨਿਰੋਗ ਵੀ ਰੱਖਦਾ






## ਕੈਬਨਿਟ ਮੰਤਰੀ ਵੱਲੋਂ ਅੰਤਰ-ਰਾਸ਼ਟਰੀ ਯੋਗ ਦਿਵਸ ਮੌਕੇ ਸੁਨਾਮ ਵਿਖੇ ਯੋਗ ਸਮਾਗਮਾਂ ਵਿੱਚ ਸ਼ਿਰਕਤ

ਸੁਨਾਮ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਕਿਹਾ ਹੈ ਕਿ ਅੱਜ ਦੀ ਦੌੜ ਭੱਜ ਦੀ ਮਨੁੱਖੀ ਜ਼ਿੰਦਗੀ ਵਿੱਚ ਮਨ ਦੀ ਸ਼ਾਂਤੀ ਬਹੁਤ ਜ਼ਰੂਰੀ ਹੈ ਜਿਹੜੀ ਕਿ ਯੋਗਾ ਕਰਕੇ ਪ੍ਰਾਪਤ ਕੀਤੀ ਜਾ ਸਕਦੀ ਹੈ। ਯੋਗਾ ਮਨ ਨੂੰ ਸ਼ਾਂਤੀ ਪ੍ਰਦਾਨ ਕਰਵਾਉਣ ਦੇ ਨਾਲ ਨਾਲ ਇਹ ਸਰੀਰ ਨੂੰ ਨਿਰੋਗ ਵੀ ਰੱਖਦਾ ਹੈ। ਉਨ੍ਹਾਂ ਆਮ ਲੋਕਾਂ ਅਤੇ ਹਾਜ਼ਰੀਨ ਨੂੰ ਯੋਗ ਕਿਰਿਆਵਾਂ ਨੂੰ ਆਪਣੀ ਰੋਜ਼ਾਨਾ ਦੀ ਜ਼ਿੰਦਗੀ ਵਿੱਚ ਸ਼ਾਮਿਲ ਕਰਨ ਲਈ ਪ੍ਰੇਰਿਆ।ਉਨ੍ਹਾਂ ਦੱਸਿਆ ਕਿ ਸਾਨੂੰ ਆਪਣੇ ਆਲੇ ਦੁਆਲੇ ਆਮ ਜਨਤਾ ਨੂੰ ਵੀ ਯੋਗ ਪ੍ਰਤੀ ਜਾਗਰੂਕ ਕਰਨਾ ਚਾਹੀਦਾ ਹੈ, ਤਾਂ ਜੋ ਆਪਣੀ ਅਤੇ ਆਪਣੇ ਸਹਿਕਰਮੀਆਂ ਦੀ ਸਿਹਤ ਤੰਦਰੁਸਤ ਰਹੇ ਅਤੇ ਉਨ੍ਹਾਂ ਦੀ ਜ਼ਿੰਦਗੀ ਵਿੱਚ ਖੁਸ਼ਹਾਲੀ ਰਹੇ। ਉਹ ਅੱਜ ਸੁਨਾਮ ਸ਼ਹਿਰ ਵਿਖੇ ਭਾਰਤ ਵਿਕਾਸ ਪ੍ਰੀਸ਼ਦ ਅਤੇ ਸਹਿਯੋਗੀ ਪਤੰਜਲੀ ਯੋਗ ਸਮਿਤੀ, ਅਗਰਵਾਲ ਸਭਾ, ਲਾਇੰਨਜ਼ ਕਲੱਬ, ਸ਼੍ਰੀ ਸੂਰਜਕੁੰਡ ਐੱਸ ਵੀ ਐੱਮ ਵੱਲੋਂ ਗੀਤਾ ਭਵਨ ਮੰਦਿਰ ਕੰਪਲੈਕਸ ਵਿਖੇ, ਰੋਟਰੀ ਕਲੱਬ ਸੁਨਾਮ ਵੱਲੋਂ ਰੋਟਰੀ ਕੰਪਲੈਕਸ ਵਿਖੇ, ਸਵੇਰ ਕੀ ਸੈਰ ਅਤੇ ਸ਼ਹੀਦ ਊਧਮ ਸਿੰਘ ਯੋਗਾ ਗਰੁੱਪ ਵੱਲੋਂ ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ ਵਿਖੇ ਮਨਾਏ ਗਏ ਅੰਤਰ ਰਾਸ਼ਟਰੀ ਯੋਗਾ ਦਿਵਸ ਸਮਾਗਮਾਂ ਨੂੰ ਸ਼ਿਰਕਤ ਕਰਨ ਉਪਰੰਤ ਸੰਬੋਧਨ ਕਰ ਰਹੇ ਸਨ।

ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਸਰੀਰਕ ਪੱਖੋਂ ਤੰਦਰੁਸਤ ਅਤੇ ਮਾਨਸਿਕ ਤੌਰ ਉੱਤੇ ਮਜ਼ਬੂਤ ਰੱਖਣ ਲਈ ਸੀ ਐੱਮ ਦੀ ਯੋਗਸ਼ਾਲਾ ਤਹਿਤ ਮੁਫ਼ਤ ਯੋਗ ਕਲਾਸਾਂ ਲਾਈਆਂ ਜਾ ਰਹੀਆਂ ਹਨ। ਉਹਨਾਂ ਕਿਹਾ ਕਿ ਇਕੱਲੇ ਜ਼ਿਲ੍ਹਾ ਸੰਗਰੂਰ ਵਿੱਚ ਹੀ ਰੋਜ਼ਾਨਾ 372 ਕਲਾਸਾਂ ਲਗਾਈਆਂ ਜਾ ਰਹੀਆਂ ਹਨ, ਜਿੰਨਾ ਦਾ 5000 ਤੋਂ ਵਧੇਰੇ ਆਮ ਲੋਕ ਲਾਭ ਲੈ ਰਹੇ ਹਨ। ਉਹਨਾਂ ਸ਼ਹਿਰ ਵਾਸੀਆਂ ਨੂੰ ਸੀ ਐੱਮ ਦੀ ਯੋਗਸ਼ਾਲਾ ਦਾ ਲਾਹਾ ਲੈਣ ਅਤੇ ਯੋਗ ਕਿਰਿਆਵਾਂ ਨੂੰ ਰੋਜ਼ਾਨਾ ਦੀ ਜ਼ਿੰਦਗੀ ਵਿੱਚ ਸ਼ਾਮਿਲ ਕਰਨ ਲਈ ਪ੍ਰੇਰਿਆ।ਇਹਨਾਂ ਸਮਾਗਮਾਂ ਦੌਰਾਨ ਯੋਗਾ ਮਾਹਿਰਾਂ ਵੱਲੋਂ ਯੋਗ ਕਿਰਿਆਵਾਂ ਕਰਵਾਈਆਂ ਗਈਆਂ।

ਇਸ ਮੌਕੇ ਵੱਖ ਵੱਖ ਸਮਾਗਮਾਂ ਵਿੱਚ ਮਾਰਕੀਟ ਕਮੇਟੀ ਸੁਨਾਮ ਦੇ ਚੇਅਰਮੈਨ ਮੁਕੇਸ਼ ਜੁਨੇਜਾ, ਰਵੀ ਕਮਲ ਗੋਇਲ, ਭਾਰਤ ਵਿਕਾਸ ਪ੍ਰੀਸ਼ਦ ਦੇ ਪ੍ਰਧਾਨ ਰਾਕੇਸ਼ ਕੁਮਾਰ, ਬਲਵਿੰਦਰ ਬਾਂਸਲ, ਰਵਿੰਦਰ ਹੈਪੀ, ਮਹਿਲਾ ਆਗੂ ਸੀਮਾ ਰਾਣੀ, ਰੋਟਰੀ ਕਲੱਬ ਦੇ ਪ੍ਰਧਾਨ ਦਵਿੰਦਰਪਾਲ ਸਿੰਘ, ਹਨੀਸ਼ ਸਿੰਗਲਾ, ਰਾਜਨ ਸਿੰਗਲਾ, ਅਮਨਦੀਪ ਸ਼ਾਸ਼ਤਰੀ, ਜੋਨਸ ਗੁਪਤਾ ਸਵੇਰ ਦੀ ਸੈਰ ਅਤੇ ਐਸ ਯੂ ਐਸ ਯੋਗਾ ਗਰੁੱਪ ਦੇ ਮੈਂਬਰ ਮਨਪ੍ਰੀਤ ਬਾਂਸਲ, ਗੁਰਦੀਪ ਸਿੰਘ, ਕੁਨਾਲ ਗੋਇਲ, ਅਸ਼ੋਕ ਗਾਂਧੀ, ਚਮਕੌਰ ਸਿੰਘ ਅਤੇ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਹਾਜ਼ਰ ਸਨ।

### ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਕਾਲੀ ਮਾਤਾ ਮੰਦਿਰ ਸੰਗਰੂਰ ਵਿਖੇ ਜ਼ਿਲ੍ਹਾ ਪੱਧਰੀ ਸਮਾਗਮ

# ਵਿਧਾਇਕ ਨਰਿੰਦਰ ਕੌਰ ਭਰਾਜ ਨੇ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ






## ☛ ਜ਼ਿਲ੍ਹੇ ਵਿੱਚ ਚੱਲ ਰਹੀਆਂ ਨੇ 372 ਯੋਗ ਕਲਾਸਾਂ; ਕਰੀਬ 05 ਹਜ਼ਾਰ ਲੋਕ ਲੈ ਰਹੇ ਨੇ ਲਾਭ ☛ ਜ਼ਿਲ੍ਹੇ ਦੇ 65 ਪਿੰਡਾਂ ਵਿੱਚ ਵੀ ਲੱਗ ਰਹੀਆਂ ਨੇ ਯੋਗ ਕਲਾਸਾਂ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਦੇ ਆਦੇਸ਼ ਤਹਿਤ 11ਵਾਂ ਅੰਤਰ ਰਾਸ਼ਟਰੀ ਯੋਗ ਦਿਵਸ ਸਬੰਧੀ "ਸੀ.ਐੱਮ. ਦੀ ਯੋਗਸ਼ਾਲਾ" ਦੇ ਬੈਨਰ ਹੇਠ ਜ਼ਿਲ੍ਹਾ ਪੱਧਰੀ ਸਮਾਗਮ ਸਥਾਨਕ ਕਾਲੀ ਮਾਤਾ ਮੰਦਿਰ ਦੇ ਹਾਲ ਵਿਖੇ ਕਰਵਾਇਆ ਗਿਆ ਅਤੇ ਹਰੇਕ ਬਲਾਕ ਵਿੱਚ ਵੀ ਸਮਾਗਮ ਕਰਵਾਏ ਗਏ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪੁੱਜੇ ਹਲਕਾ ਵਿਧਾਇਕ ਸ਼੍ਰੀਮਤੀ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਸਰੀਰ ਨੂੰ ਰਿਸ਼ਟ-ਪੁਸ਼ਟ ਰੱਖਣ ਅਤੇ ਬਿਮਾਰੀਆਂ ਤੋਂ ਨਿਜਾਤ ਪਾਉਣ ਲਈ ਯੋਗ ਵਧੀਆ ਸਾਧਨ ਹੈ ਅਤੇ ਬਿਨਾਂ ਖਰਚੇ ਤੋਂ ਯੋਗ ਵਿਧੀ ਰਾਹੀਂ ਤੰਦਰੁਸਤ ਰਿਹਾ ਜਾ ਸਕਦਾ ਹੈ। ਹਲਕਾ ਵਿਧਾਇਕ ਨੇ ਕਿਹਾ ਕਿ "ਸੀ.ਐੱਮ. ਦੀ ਯੋਗਸ਼ਾਲਾ" ਦੇ ਬੈਨਰ ਹੇਠ ਜ਼ਿਲ੍ਹੇ ਵਿੱਚ ਵੱਖ-ਵੱਖ ਥਾਵਾਂ 'ਤੇ ਅੰਤਰਰਾਸ਼ਟਰੀ ਯੋਗ ਦਿਵਸ ਸਬੰਧੀ ਸਮਾਗਮ ਕਰਵਾਏ ਗਏ ਹਨ। ਉਹਨਾਂ ਨੇ ਕਿਹਾ ਕਿ ਯੋਗ ਆਸਣਾਂ ਨੂੰ ਅਪਣਾ ਕੇ ਅਨੇਕਾਂ ਬਿਮਾਰੀਆਂ ਤੋਂ ਬਚਿਆ ਜਾ ਸਕਦਾ ਹੈ। ਯੋਗ ਤਨ ਤੇ ਮੰਨ ਦਾ ਸੁਮੇਲ ਹੈ। ਹਲਕਾ ਵਿਧਾਇਕ ਨੇ ਯੋਗ ਕਲਾਸਾਂ ਸ਼ੁਰੂ ਕਰਵਾਉਣ ਲਈ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ। ਉਹਨਾਂ ਦੱਸਿਆ ਕਿ ਹਲਕਾ ਸੰਗਰੂਰ ਸਮੇਤ ਪੂਰੇ ਜ਼ਿਲ੍ਹੇ ਵਿੱਚ 372 ਕਲਾਸਾਂ ਲੱਗ ਰਹੀਆਂ ਹਨ, ਜਿਨ੍ਹਾਂ ਦਾ 05 ਹਜ਼ਾਰ ਦੇ ਕਰੀਬ ਲੋਕ ਲਾਭ ਲੈ ਰਹੇ ਹਨ। ਮਾਣ ਵਾਲੀ ਗੱਲ ਇਹ ਹੈ ਕਿ ਇਹਨਾਂ ਕਲਾਸਾਂ ਵਿੱਚ 65 ਪਿੰਡ ਵੀ ਸ਼ਾਮਲ ਹਨ। ਹਲਕਾ ਵਿਧਾਇਕ ਨੇ ਇਸ ਗੱਲ ਦੀ ਵੀ ਸ਼ਲਾਘਾ ਕੀਤੀ ਕਿ ਇਸ ਸਮਾਗਮ ਵਿੱਚ ਵੱਡੀ ਗਿਣਤੀ ਔਰਤਾਂ ਨੇ ਸ਼ਿਰਕਤ ਕੀਤੀ ਹੈ।ਉਹਨਾਂ ਕਿਹਾ ਕਿ ਔਰਤਾਂ ਦਾ ਆਪਣਾ ਸਿਹਤ ਪ੍ਰਤੀ ਜਾਗਰੂਕ ਹੋਣਾ ਇੱਕ ਸ਼ੁਭ ਸ਼ਗਨ ਹੈ। ਉਨ੍ਹਾਂ ਕਿਹਾ ਕਿ ਔਰਤਾਂ, ਖਾਸ ਕਰ ਕੇ ਮਾਂ ਬਣਨ ਤੋਂ ਬਾਅਦ ਤਾਂ ਯੋਗ ਕਰਨਾ ਬਹੁਤ ਲਾਜ਼ਮੀ ਹੈ, ਜਿਸ ਨਾਲ ਉਹ ਤਾਅ ਉਮਰ ਨਿਰੋਗ ਰਹਿ ਸਕਦੀਆਂ ਹਨ। ਹਲਕਾ ਵਿਧਾਇਕ ਵੱਲੋਂ ਇਸ ਕੈਂਪ ਵਿੱਚ ਭਾਗ ਲੈਣ ਵਾਲੇ ਵਿਅਕਤੀਆਂ 'ਚ ਸ਼ਾਮਲ ਹੋ ਕੇ ਖੁਦ ਯੋਗ ਆਸਣ ਕੀਤੇ ਗਏ।ਉਹਨਾਂ ਨੇ ਦੱਸਿਆ ਕਿ ਸੀ.ਐਮ. ਦੀ ਯੋਗਸ਼ਾਲਾ ਤਹਿਤ ਹਲਕਾ ਸੰਗਰੂਰ ਸਮੇਤ ਸਾਰੇ ਜ਼ਿਲ੍ਹੇ ਵਿੱਚ ਯੋਗ ਟ੍ਰੇਨਰ ਨਿਯੁਕਤ ਕੀਤੇ ਗਏ ਹਨ, ਜੋ ਨਿਯਮਿਤ ਤੌਰ 'ਤੇ ਵੱਖ-ਵੱਖ ਥਾਵਾਂ 'ਤੇ ਸੀ.ਐਮ. ਦੀ ਯੋਗਸ਼ਾਲਾ ਰਾਹੀਂ ਯੋਗ ਸਿਖਲਾਈ ਦੇ ਰਹੇ ਹਨ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ਼੍ਰੀ ਅਮਿਤ ਬੈਂਬੀ ਨੇ ਨੌਜਵਾਨ ਪੀੜ੍ਹੀ ਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਤੰਦਰੁਸਤ ਰਹਿਣ ਲਈ ਯੋਗ ਨੂੰ ਜੀਵਨ ਦਾ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ। ਯੋਗ ਸਾਡੀ ਪੁਰਾਤਨ ਸੱਭਿਅਤਾ ਅਤੇ ਰਿਸ਼ੀਆਂ-ਮੁਨੀਆਂ ਦੀ ਮਹਾਨ ਦੇਣ ਹੈ। ਉਨ੍ਹਾਂ ਕਿਹਾ ਕਿ ਅਜੋਕੀ ਦੌੜ-ਭੱਜ ਦੀ ਜ਼ਿੰਦਗੀ 'ਚ ਯੋਗ ਆਸਣਾਂ ਰਾਹੀਂ ਅਸੀਂ ਤਣਾਅ ਮੁਕਤ ਹੋ ਸਕਦੇ ਹਾਂ। ਇਸ ਮੌਕੇ ਯੋਗ ਟ੍ਰੇਨਰਾਂ ਬੇਅੰਤ ਸਿੰਘ, ਨਿਲਾਮ ਰਾਣੀ ਅਤੇ ਨਵਰੀਤ ਵੱਲੋਂ ਯੋਗ ਆਸਣ ਕਰਵਾਏ ਗਏ ਅਤੇ ਯੋਗ ਵਿਧੀਆਂ ਦੀਆਂ ਬਾਰੀਕੀਆਂ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ ਗਿਆ।ਉਨ੍ਹਾਂ ਵੱਲੋਂ ਯੋਗ ਆਸਣਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ, ਜਿਨ੍ਹਾਂ ਵਿੱਚ ਭੁਜੰਗਾਸਨ, ਧਨੁਰਾਸਨ, ਸ਼ਵਾਸਨ, ਉਤਨਾਸਨ, ਤ੍ਰਿਕੋਣਾਸਨ, ਤਦਾਸਨ, ਉਤਕਤਾਸਨ, ਸਾਲਭਾਸਨ ਤੇ ਹੋਰ ਵੱਡੀ ਗਿਣਤੀ ਆਸਣ ਸ਼ਾਮਲ ਸਨ। ਸੰਗਰੂਰ ਤੋਂ ਇਲਾਵਾ ਇਹ ਸਮਾਗਮ ਧੂਰੀ (ਰਾਮ ਬਾਗ), ਭਵਾਨੀਗੜ੍ਹ (ਸਟੇਡੀਅਮ), ਸੁਨਾਮ (ਐੱਸ.ਯੂ.ਐੱਸ. ਕਾਲਜ), ਲਹਿਰਾਗਾਗਾ (ਸੌਰਵ ਕੰਪਲੈਕਸ), ਮੂਣਕ (ਅਗਰਵਾਲ ਧਰਮਸ਼ਾਲਾ), ਦਿੜ੍ਹਬਾ (ਗੀਤਾ ਭਵਨ), ਸ਼ੇਰਪੁਰ (ਗੌਰਮਿੰਟ ਸੀਨੀਅਰ ਸੈਕੰਡਰੀ ਸਕੂਲ) ਅਤੇ ਖਨੌਰੀ (ਗਊਸ਼ਾਲਾ ਪਾਰਕ) ਵਿਖੇ ਵੀ ਕਰਵਾਏ ਗਏ, ਜਿਨ੍ਹਾਂ ਵਿੱਚ ਇਲਾਕਾ ਨਿਵਾਸੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਭੁਪਿੰਦਰ ਸਿੰਘ ਨਹਿਲ ਪ੍ਰਧਾਨ ਨਗਰ ਕੌਂਸਲ, ਡਾ. ਮਲਕੀਅਤ ਸਿੰਘ ਜ਼ਿਲ੍ਹਾ ਆਯੁਰਵੈਦਿਕ ਅਫ਼ਸਰ ਸੰਗਰੂਰ, ਡਾ. ਰਵੀ ਮਦਾਨ ਐਸ.ਐਮ.ਓ., ਰਜਿੰਦਰ ਸਿੰਘ ਐਸ.ਐਮ.ਓ., ਡਾ. ਅਮਨਦੀਪ ਭਾਰਤੀ ਏ.ਐਮ.ਓ., ਡਾ. ਰਜਨੀ ਬਾਲਾ ਏ.ਐਮ.ਓ., ਡਾ. ਆਸਿਫ਼ ਏ.ਐਮ.ਓ., ਡਾ. ਦਿਵਿਆ ਬਾਂਸਲ ਏ.ਐਮ.ਓ., ਡਾ. ਰਾਕੇਸ਼ ਸਿੰਗਲਾ ਪ੍ਰਧਾਨ ਨੀਮਾ, ਡਾ. ਸੰਜੇ ਸ਼ਰਮਾ, ਡਾ. ਰਮਨ ਕੁਮਾਰ, ਮੰਚ ਸੰਚਾਲਨ ਸਟੇਟ ਐਵਾਰਡੀ ਡਾ. ਹਰਪ੍ਰੀਤ ਸਿੰਘ ਭੰਡਾਰੀ, ਕੋਆਡੀਨੇਟਰ ਨਿਰਮਲ ਸਿੰਘ, ਯੋਗੇਸ਼ ਸ਼ਰਮਾ, ਪੁਸ਼ਪਦੀਪ, ਕੁਲਦੀਪ ਸ਼ਰਮਾ, ਨਵਦਿਤਾ ਸੇਨ ਸਹਾਇਕ, ਹਰਪ੍ਰੀਤ ਕੌਰ, ਸ਼ਗਨਦੀਪ ਕਲਰਕ ਜਗਤਾਰ ਸਿੰਘ, ਹਰਪ੍ਰੀਤ ਸਿੰਘ ਨਾਇਬ ਤਹਿਸੀਲਦਾਰ, ਜ਼ਿਲ੍ਹਾ ਖਜ਼ਾਨਾ ਅਫ਼ਸਰ ਸ੍ਰੀਮਤੀ ਬਲਵਿੰਦਰ ਕੌਰ ਸੋਹੀ, ਯੋਗੇਸ਼ ਸ਼ਰਮਾ, ਜੀਵਨ ਕੁਮਾਰ, ਆਸ਼ੀਸ ਜਿੰਦਲ, ਵਰੁਣ ਸ਼ਰਮਾ ਅਲਟਰਾਟੈਕ, ਜਤਿੰਦਰ ਗੁਪਤਾ ਅਤੇ ਜ਼ਿਲ੍ਹੇ ਦੇ ਹੋਰ ਕਈ ਅਧਿਕਾਰੀ, ਵੱਡੀ ਗਿਣਤੀ ਵਿਦਿਆਰਥੀ ਅਤੇ ਸ਼ਹਿਰ ਵਾਸੀ ਹਾਜ਼ਰ ਸਨ।

# ਅਸ਼ੋਕ ਕੁਮਾਰ ਐਸ ਆਈ ਅਤੇ ਗੁਰਜੰਟ ਸਿੰਘ ਐਸ ਆਈ ਵੱਲੋਂ ਪੀ ਐਚ ਸੀ ਕਾਂਝਲਾ ਦੀ ਟੀਮ ਵੱਲੋਂ ਵਿਸ਼ਵ ਯੋਗ ਦਿਵਸ ਮਨਾਇਆ ਗਿਆ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸਿਵਲ ਸਰਜਨ ਡਾ. ਸੰਜੇ ਕਾਮਰਾ ਜੀ ਦੇ ਦਿਸ਼ਾ ਨਿਰਦੇਸ਼ਾ ਅਤੇ ਐਸ ਐਮ ਓ ਡਾਕਟਰ ਸੁਦੀਪ ਸਿੱਧੂ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਅਤੇ ਗੁਰਜੰਟ ਸਿੰਘ ਐਸ ਆਈ ਦੀ ਸੁਪਰਵੀਜਨ ਵਿੱਚ ਪੀ ਐਚ ਸੀ ਕਾਂਝਲਾ ਦੀ ਟੀਮ ਵੱਲੋਂ 21/6/2025 ਨ ਵਿਸ਼ਵ ਯੋਗ ਦਿਵਸ ਦੇ ਰੂਪ ਵਿੱਚ ਮਨਾਇਆ ਗਿਆ।ਇਸ ਮੌਕੇ ਸੀ ਐਚ ਓ ਬੇਅੰਤ ਕੌਰ,ਬਲਜਿੰਦਰ ਸਿੰਘ ਉਪ ਵੈਦ ਅਤੇ ਅੰਜੂ ਬਾਲਾ ਮ,ਪ,ਹ,ਸ(ਫ) ਅਤੇ ਗੁਰਪ੍ਰੀਤ ਸਿੰਘ ਮ,ਪ,ਹ,ਵ(ਮ) ਨੇ ਦੱਸਿਆ ਕਿ 11 ਦਸੰਬਰ2014 ਨੂੰ ਸੰਯੁਕਤ ਮਹਾਸੰਘ ਨੇ 21 ਜੂਨ ਨੂੰ ਅੰਤਰਰਾਸ਼ਟਰੀ ਯੋਗ ਦਿਵਸ ਵਜੋਂ ਮਨਾਉਣ ਦਾ ਪ੍ਰਸਤਾਵ ਨੂੰ ਅਪਣਾਇਆ ਅਤੇ2015 ਵਿੱਚ ਪਹਿਲਾਂ ਯੋਗ ਦਿਵਸ ਮਨਾਇਆ ਗਿਆ ਅਤੇ ਊਦੋਂ ਤੋਂ ਇਹ ਹਰ ਸਾਲ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਯੋਗ ਦੇ ਬਹੁਤ ਸਾਰੇ ਲਾਭ ਹਨ ਅਤੇ ਇਹ ਕੇਲਵ ਸਰੀਰਕ ਦੀ ਤੰਦਰੁਸਤੀ ਤੱਕ ਸੀਮਿਤ ਨਹੀਂ ਹੈ ਇਹ ਆਸਣ ਮਾਸਪੇਸੀਆਂ ਨੂੰ ਮਜਬੂਤ ਕਰਦੇ ਹਨ ਅਤੇ ਲਚਕਤਾ ਵਧਾਉਂਦੇ ਹਨ ਅਤੇ ਜੋੜਾ ਦੇ ਦਰਦ ਨੂੰ ਘਟਾਉਂਦੇ ਹਨ ਅਤੇ ਯੋਗ ਖੂਨ ਦੇ ਗੇੜ ਵਿੱਚ ਵੀ ਸੁਧਾਰ ਕਰਦਾ ਹੈ। ਨਿਯਮਤ ਯੋਗ ਅਭਿਆਸ ਸ਼ੂਗਰ,ਹਾਈ ਬਲੱਡ ਪਰੈਸ਼ਰ ਅਤੇ ਦਿਲ ਦੇ ਰੋਗ ਲਈ ਵੀ ਬਹੁਤ ਫਾਇਦੇਮੰਦ ਹੈ।

# ਕਰੀਬ 01 ਕਰੋੜ 50 ਲੱਖ ਰੁਪਏ ਦੀ ਲਾਗਤ ਵਾਲੇ ਪ੍ਰੋਜੈਕਟ ਤਹਿਤ ਅਜੀਤ ਨਗਰ ਦਾ ਟਿਊਬਵੈੱਲ ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਲੋਕ ਅਰਪਿਤ

## ☛ ਅਜੀਤ ਨਗਰ ਵਾਸੀਆਂ ਨੂੰ ਪੀਣ ਵਾਲੇ ਪਾਣੀ ਦੀ ਮੁਸ਼ਕਲ ਤੋਂ ਮਿਲੀ ਨਿਜਾਤ ☛ ਪ੍ਰੋਜੈਕਟ ਤਹਿਤ ਵੱਖੋ-ਵੱਖ ਥਾਂ ਲਾਏ ਜਾਣੇ ਨੇ 03 ਹੋਰ ਟਿਊਬਵੈੱਲ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ, ਪੰਜਾਬ, ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਕਾਰਜ ਬੇਰੋਕ ਜਾਰੀ ਹਨ, ਜਿਨ੍ਹਾਂ ਦੀ ਲੜੀ ਤਹਿਤ ਕਰੀਬ 01 ਕਰੋੜ 50 ਲੱਖ ਰੁਪਏ ਦੀ ਲਾਗਤ ਵਾਲੇ ਪ੍ਰੋਜੈਕਟ ਤਹਿਤ ਅਜੀਤ ਨਗਰ ਦਾ ਟਿਊਬਵੈੱਲ ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਲੋਕ ਅਰਪਿਤ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਹਲਕਾ ਵਿਧਾਇਕ ਨੇ ਕਿਹਾ ਕਿ ਅਜੀਤ ਨਗਰ ਦਾ ਟਿਊਬਵੈੱਲ ਪੁਰਾਣਾ ਹੋਣ ਕਾਰਨ ਲੋਕਾਂ ਨੂੰ ਪਾਣੀ ਦੀ ਪੂਰੀ ਸਪਲਾਈ ਨਹੀਂ ਮਿਲ ਰਹੀ ਸੀ ਤੇ ਸ਼ਹਿਰ ਦੇ ਹੋਰ ਕਈ ਖੇਤਰਾਂ ਵਿੱਚ ਵੀ ਅਜਿਹੀ ਦਿੱਕਤ ਆ ਰਹੀ ਸੀ। ਇਸ ਦੇ ਮੱਦੇਨਜ਼ਰ 04 ਖੇਤਰਾਂ ਅਜੀਤ ਨਗਰ, ਰਣਬੀਰ ਕਾਲਜ, ਹਰੀਪੁਰਾ ਅਤੇ ਗੁਰੂ ਨਾਨਕ ਕਲੋਨੀ ਵਿਖੇ ਕਰੀਬ 01 ਕਰੋੜ 50 ਲੱਖ ਰੁਪਏ ਦੀ ਲਾਗਤ ਨਾਲ 04 ਟਿਊਬਵੈੱਲ ਲਗਾਏ ਜਾਣੇ ਹਨ। ਇਹਨਾਂ ਵਿੱਚੋਂ ਅਜੀਤ ਨਗਰ ਦਾ ਟਿਊਬਵੈੱਲ ਲੋਕ ਅਰਪਿਤ ਕਰ ਦਿੱਤਾ ਗਿਆ ਹੈ, ਜਿਸ ਨਾਲ ਇਸ ਖੇਤਰ ਦੇ ਲੋਕਾਂ ਦੀ ਮੰਗ ਪੂਰੀ ਹੋਈ ਹੈ। ਹਲਕਾ ਵਿਧਾਇਕ ਨੇ ਦੱਸਿਆ ਕਿ ਬਾਕੀ ਟਿਊਬਵੈਲਾਂ ਦਾ ਕੰਮ ਵੀ ਜਲਦ ਹੀ ਮੁਕੰਮਲ ਕਰ ਕੇ ਬਹੁਤ ਜਲਦ ਉਹਨਾਂ ਨੂੰ ਵੀ ਲੋਕ ਅਰਪਿਤ ਕਰ ਦਿੱਤਾ ਜਾਵੇਗਾ, ਜਿਸ ਨਾਲ ਲੋਕਾਂ ਨੂੰ ਵੱਡੇ ਪੱਧਰ ਉੱਤੇ ਰਾਹਤ ਮਿਲੇਗੀ। ਸ਼੍ਰੀਮਤੀ ਭਰਾਜ ਨੇ ਕਿਹਾ ਕਿ ਉਹ ਆਪਣੇ ਹਲਕੇ ਨੂੰ ਸੂਬੇ ਵਿੱਚੋਂ ਮੋਹਰੀ ਹਲਕਾ ਬਨਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੇ। ਉਹਨਾਂ ਵੱਲੋਂ ਕੀਤੇ ਜਾ ਰਹੇ ਯਤਨਾਂ ਦੇ ਸਾਰਥਕ ਸਿੱਟੇ ਨਿਕਲ ਰਹੇ ਹਨ ਤੇ ਲੋਕਾਂ ਦੀਆਂ ਦਿਕਤਾਂ ਦੂਰ ਹੋ ਰਹੀਆਂ ਹਨ। ਸ਼੍ਰੀਮਤੀ ਭਰਾਜ ਨੇ ਕਿਹਾ ਕਿ ਸ਼ਹਿਰ ਦੀਆਂ ਜਿਹੜੀਆਂ ਵੀ ਦਿੱਕਤਾਂ ਤੇ ਮੰਗਾਂ ਹਨ, ਉਹਨਾਂ ਸਾਰੀਆਂ ਬਾਬਤ ਕਾਰਵਾਈ ਜਾਰੀ ਹੈ। ਸ਼ਹਿਰ ਦੀ ਹਰ ਇਕ ਮੁਸ਼ਕਲ ਨੂੰ ਹੱਲ ਕੀਤਾ ਜਾਵੇਗਾ ਤੇ ਸ਼ਹਿਰ ਵਾਸੀਆਂ ਦੀਆਂ ਸਾਰੀਆਂ ਮੰਗਾਂ ਦੀ ਪੂਰਤੀ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ। ਇਸ ਮੌਕੇ ਲਲਿਤ ਮਿੱਤਲ ਐੱਸ.ਡੀ.ਓ. ਜਲ ਸਪਲਾਈ ਸਮੇਤ ਵੱਖੋ-ਵੱਖ ਅਹੁਦੇਦਾਰ, ਵਿਭਾਗਾਂ ਦੇ ਅਧਿਕਾਰੀ, ਪਤਵੰਤੇ ਅਤੇ ਵੱਡੀ ਗਿਣਤੀ ਅਜੀਤ ਨਗਰ ਦੇ ਵਸਨੀਕ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਫਿਰੌਤੀਆਂ ਮੰਗਣ ਵਾਲੇ ਸ਼ਹਿਰ 'ਚ ਦਿਨ ਦਿਹਾੜੇ ਸ਼ਰੇਆਮ ਗੋਲੀਆਂ ਚਲਾ

# ਵਾਰਦਾਤ ਕਰਕੇ ਰਫੂਚੱਕਰ ਹੋ ਜਾਂਦੇ ਜੋ ਚਿੰਤਾ ਦਾ ਵਿਸ਼ਾ : ਬਾਪੂ ਤਰਸੇਮ ਸਿੰਘ



ਜੰਡਿਆਲਾ ਗੁਰੂ 21 ਜੂਨ ( ਕੁਲਵੰਤ ਸਿੰਘ ਵਿਰਦੀ ) ਬੀਤੇ ਦਿਨ ਅਕਾਲੀ ਦਲ ਵਾਰਿਸ ਪੰਜਾਬ ਦੇ ਮੁੱਖੀ ਐਮ ਪੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਪਿਤਾ ਬਾਪੂ ਭਾਈ ਤਰਸੇਮ ਸਿੰਘ ਜੀ, ਅਤੇ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਸਰਲੀ ਵਾਲਿਆਂ ਦੇ ਸਰਿੰਦਰ ਕਰਿਆਨਾ ਸਟੋਰ ਵੈਰੋਵਾਲ ਰੋਡ ਵਿਖੇ ਹਾਲਚਾਲ ਪੁੱਛਣ ਲਈ ਪਹੁੰਚੇ ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਪੰਜਾਬ ਵਿੱਚ ਆਏ ਦਿਨ ਫਿਰੌਤੀ ਦੀਆਂ ਵਾਰਦਾਤਾਂ ਵਧਣ ਦਾ ਗ੍ਰਾਫ ਇਹ ਦਰਸਾਉਂਦਾ ਹੈ ਕਿ ਪੰਜਾਬ ਵਿੱਚ ਰਾਜ ਕਰਨ ਵਾਲੀ ਸਰਕਾਰ ਨਾਮ ਦੀ ਕੋਈ ਚੀਜ਼ ਨਹੀਂ ਕਿਉਂਕਿ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਬੇਝਿਜਕ ਹੋ ਕਿ ਦਿਨ ਦਿਹਾੜੇ ਸਰੇਆਮ ਗੋਲੀਆਂ ਚਲਾ ਵਾਰਦਾਤ ਕਰਕੇ ਰਫੂਚੱਕਰ ਹੋ ਜਾਂਦੇ ਹਨ ਜੋ ਇਕ ਚਿੰਤਾ ਦਾ ਵਿਸ਼ਾ ਹੈ ! ਅੱਗੇ ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਾ ਵੇਚਣ ਵਾਲਿਆਂ ਦੇ ਹੌਸਲੇ ਬੁਲੰਦ ਨਜਰ ਆਉਂਦੇ ਹਨ ਅਤੇ ਸਰੇਆਮ ਨਸ਼ੇ ਵਿੱਚ ਪੰਜਾਬ ਦੇ ਨੌਜਵਾਨ ਮਾਵਾਂ ਦੇ ਪੁੱਤ ਧੀਆਂ ਨਸੇ ਵਿੱਚ ਅਧਬਿਹੋਸੇ ਵੇਖਣ ਨੂੰ ਮਿਲ ਰਹੇ ਹਨ ਜਿਸ ਦੀ ਮਿਸਾਲ ਬੀਤੇ ਦਿਨ ਸੋਸ਼ਲ ਮੀਡੀਆ ਤੇ ਵਾਇਰਲ ਹੋਈ ਵੀਡੀਓ ਵਿੱਚ ਦਿਖਾਈ ਦੇ ਰਹੀ ਹੈ ਅਤੇ ਸਰੇਆਮ ਜੀ ਟੀ ਰੋਡ ਤੇ ਇਕ ਲੜਕਾ ਅਤੇ ਲੜਕੀ ਨਸਾ ਕਰ ਰਹੇ ਹਨ ਅਤੇ ਨਸਾ ਕਰਨ ਵਾਲੀ ਲੜਕੀ ਸਰੇਆਮ ਕਹਿੰਦੀ ਹੁੰਦੀ ਦਿਖਾਈ ਦੇ ਰਹੀ ਹੈ ਕਿ ਪੁਲਿਸ ਨੂੰ ਪਤਾ ਅਸੀਂ ਨਸਾ ਕਰਦੇ ਹਾਂ ਇਸ ਗੱਲ ਤੋਂ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਕਿ ਯੁੱਧ ਨਸਿਆ ਵਿਰੁੱਧ ਦਾ ਅਸਰ ਬਹੁਤਾ ਦਿਖਾਈ ਨਹੀਂ ਦੇ ਰਿਹਾ ਬਲਕਿ ਪੁਲਿਸ ਪ੍ਰਸ਼ਾਸ਼ਨ ਨੂੰ ਵੀ ਇਹ ਨਸਾ ਕਰਨ ਵਾਲੇ ਕਟੈਹਰੇ ਵਿੱਚ ਖੜਾ ਕਰ ਰਹੇ ਹਨ ! ਅੱਗੇ ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਕਿ ਪ੍ਰਸਾਸ਼ਨ ਵੱਲੋਂ ਕਿਹਾ ਜਾਂਦਾ ਕਿ ਗਲਤ ਅਨਸਰਾਂ ਬਾਰੇ ਜਾਣਕਾਰੀ ਸਾਂਝੀ ਕਰੋ ਉਸ ਦਾ ਨਾਮ ਗੁਪਤ ਰੱਖਿਆ ਜਾਵੇਗਾ ਲੇਕਿਨ ਇਸ ਦੇ ਉਲਟ ਸੂਚਨਾ ਦੇਣ ਵਾਲੇ ਦਾ ਨਾਮ ਦੱਸ ਕਿ ਉਸ ਨੂੰ ਹੀ ਫਸਾਇਆ ਜਾਂਦਾ ਇਸ ਮੌਕੇ ਚਾਚਾ ਪਲਵਿੰਦਰ ਸਿੰਘ, ਅਤੇ ਵਾਰਿਸ ਪੰਜਾਬ ਜਥੇਬੰਦੀ ਦੇ ਅਹੁਦੇਦਾਰ ਤੇ ਸੇਵਾਦਾਰ ਹਾਜ਼ਰ ਸਨ ! ਇਸ ਤੋਂ ਬਾਅਦ ਟੱਕਰ ਟੈਲੀਕਾਮ ਦੁਕਾਨ ਤੇ ਪਹੁੰਚ ਕਿ ਟੱਕਰ ਟੈਲੀਕਾਮ ਦੇ ਭਰਾ ਦੇ ਅਕਾਲ ਚਲਾਣਾ ਕਰ ਜਾਣ ਤੇ ਪ੍ਰੀਵਾਰ ਨਾਲ ਦੁੱਖ ਸਾਂਝਾ ਕੀਤਾ ! ਅਤੇ ਆਦਿ ਸਹਿਰ ਵਿੱਚ ਦੁਕਾਨਦਾਰਾਂ ਨਾਲ ਮੁਲਾਕਾਤ ਕੀਤੀ ਗਈ !

**ਪੰਜਾਬ ਦੇ ਧੀ ਪੁੱਤ ਦੀ ਸਰੇਆਮ ਨਸ਼ਾ ਕਰਦਿਆਂ ਦੀ ਵੀਡੀਓ ਹੋਈ ਵਾਇਰਲ ਪੁਲਿਸ ਪ੍ਰਸ਼ਾਸਨ ਨੂੰ ਕਟੈਹਰੇ ਵਿੱਚ ਕੀਤਾ ਖੜਾ : ਬਾਬਾ ਬਿਬੇਕ ਸਿੰਘ**

### ਸਮਾਜ ਸੇਵੀ ਭਾਨ ਸਿੰਘ ਜੱਸੀ ਦੀ ਅਗਵਾਈ 'ਚ ਹੋਇਆ ਨਸ਼ਿਆਂ ਵਿਰੁੱਧ ਸੈਮੀਨਾਰ ਅਤੇ ਸਨਮਾਨ ਸਮਾਰੋਹ

# ਸਮਾਗਮ ਦੌਰਾਨ ਸਮਾਜ ਸੇਵੀਆਂ, ਧਾਰਮਿਕ ਅਤੇ ਕਿਸਾਨ ਆਗੂਆਂ ਨੇ ਕੀਤੇ ਵਿਚਾਰ ਸਾਂਝੇ





**ਮਹਿਲ ਕਲਾਂ ( ਰਣਜੀਤ ਸਿੰਘ ਪੇਧਨੀ )**-ਨੇੜਲੇ ਪਿੰਡ ਛੀਨੀਵਾਲ ਕਲਾਂ ਵਿਖੇ ਸ੍ਰੀ ਗੁਰੂ ਨਾਨਕ ਸਲੰਮ ਸੇਵਾ ਮਿਸ਼ਨ ਪੰਜਾਬ ਦੇ ਆਗੂ ਸਮਾਜ ਸੇਵੀ ਭਾਨ ਸਿੰਘ ਜੱਸੀ ਦੀ ਅਗਵਾਈ ਹੇਠ ਪਿੰਡ ਦੇ ਖੇਡ ਗਰਾਊਂਡ ਵਿੱਚ ਹੋਏ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਗੱਤਕਾ ਕੋਚ ,ਸ: ਹਰਦੇਵ ਸਿੰਘ ਸਿੰਘ ,ਹਾਕੀ ਕੋਚ ਅਰਸਦੀਪ ਸਿੰਘ ਅਰਸੀ ਦੇ ਹੋਏ ਵਿਸ਼ੇਸ਼ ਸਨਮਾਨ ਤੋਂ ਇਲਾਵਾ ਪਿੰਡ ਦੇ ਗੁਰਦੁਆਰਾ ਸਾਹਿਬਾਨਾਂ ਦੇ ਗ੍ਰੰਥੀ ਸਿੰਘਾਂ ਸ: ਪ੍ਰੀਤਮ ਸਿੰਘ, ਸ: ਮਨਜੀਤ ਸਿੰਘ , ਸ: ਚਮਕੌਰ ਸਿੰਘ ਸ: ਸਰਬਜੀਤ ਸਿੰਘ , ਸ: ਜੋਗਿੰਦਰ ਸਿੰਘ , ਸ: ਨਿਰਭੈ ਸਿੰਘ , ਸ: ਹਰਭਜਨ ਸਿੰਘ ,ਬਾਬਾ ਪਰਗਟ ਸਿੰਘ ਮਨੀਲਾ ਵਾਲੇ , ਪਿੰਡ ਦੀ ਸਰਪੰਚ ਸ੍ਰੀਮਤੀ ਸੁਖਦੀਪ ਕੌਰ ਦੇ ਪਤੀ ਸ: ਨਰਭੈ ਸਿੰਘ , ਇਲਾਵਾ ਹੱਡੀਆਂ ਦੇ ਮਾਹਰ ਡਾ: ਫਕੀਰ ਮੁਹੰਮਦ ,ਅਤੇ ਸੁਖਮੰਦਰ ਸਿੰਘ ਮੀਤ ਪ੍ਰਧਾਨ ਗੁਰਦੁਆਰਾ ਪਾਤਸ਼ਾਹੀ ਛੇਵੀਂ ,ਆਦਿ ਸ਼ਖਸੀਅਤ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਬੀ.ਕੇ.ਯੂ (ਕਾਦੀਆਂ ) ਦੇ ਸੀਨੀ: ਆਗੂ ਜਗਸ਼ੀਰ ਸਿੰਘ ਛੀਨੀਵਾਲ , ਬੀ.ਕੇ.ਯੂ (ਰਾਜੇਵਾਲ ) ਦੇ ਜ਼ਿਲ੍ਹਾ ਆਗੂ ਨਿਰਭੈ ਸਿੰਘ , ,ਬੀ.ਕੇ.ਯੂ (ਲੱਖੋਵਾਲ ) ਦੇ ਆਗੂ ਸ: ਸ਼ਿੰਗਾਰਾ ਸਿੰਘ ਅਤੇ ਸਮੁੱਚੀ ਨਗਰ ਪੰਚਾਇਤ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਯੋਗਦਾਨ ਪਾਉਣ ਵਾਲੀਆਂ ਸ਼ਖਸੀਅਤਾਂ ਨੂੰ ਸਨਮਾਨਿਤ ਕਰਨ , ਨਸ਼ਿਆਂ ਵਿਰੁੱਧ ਜਾਗਰਤੀ ਮੁਹਿਮ ਚਲਾਉਣ ,ਗਰੀਬਾਂ ,ਦੇ ਬੱਚਿਆਂ ਨੂੰ ਮੁਫਤ ਸਿੱਖਿਆ ਦੇਣ ,,ਅਤੇ ਲੋੜਵੰਦਾਂ ਦੀ ਮਦਦ ਕਰਨ ਵਾਲੇ ਸਮਾਜ ਸੇਵੀ ਭਾਨ ਸਿੰਘ ਜੱਸੀ ਅਤੇ ਉਨਾਂ ਦੀ ਟੀਮ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ: ਜਸਵੰਤ ਸਿੰਘ , ਕੌਰ ਸਿੰਘ ਨੰਬਰਦਾਰ , ਅਵਤਾਰ ਸਿੰਘ , ਫੌਜੀ ਬਲਜੀਤ ਸਿੰਘ ,ਮੇਟ ਨਿਰਭੈ ਸਿੰਘ , ਅਮਨਦੀਪ ਕੌਰ , ਸ੍ਰੀਮਤੀ ਬਲਜੀਤ ਕੌਰ ਆਸਾ ਵਰਕਰ,ਗੱਤਕਾ ਅਤੇ ਹਾਕੀ ਖਿਡਿਆਰੀਆਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਦਿ ਸ਼ਖਸੀਅਤਾਂ ਤੋਂ ਇਲਾਵਾ ਪਿੰਡ ਦੇ ਵੱਡੀ ਗਿਣਤੀ ਲੋਕ ਸ਼ਾਮਿਲ ਸਨ।

# ਇੰਗਲੈਂਡ ਵਿੱਚ ਬਣੇ ਐਮ.ਪੀ ਸਰਦਾਰ ਤਨਮਨਜੀਤ ਸਿੰਘ ਢੇਸੀ ਵੱਲੋਂ ਸੰਤ ਬਾਬਾ ਸੱਜਣ ਸਿੰਘ ਜੀ ਦਾ ਸਨਮਾਨ



**ਚੌਕ ਮਹਿਤਾ, 21 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਪਾਵਨ ਅਸਥਾਨ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਜੀ ਬੋਪਾਰਾਏ ( ਮੱਤੇਵਾਲ)ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਜੀ ਪਿਛਲੇ ਦਿੱਤੀ ਗੁਰਮੱਤ ਵਿਚਾਰਾਂ ਦੀ ਸਾਂਝ ਪਾਉਣ ਲਈ ਯੂ ਕੇ ਦੀ ਧਰਤੀ ਤੇ ਪਾਉਚੇ ਸਨ ਉਥੇ ਅੱਜ ਇੰਗਲੈਂਡ ਦੀ ਧਰਤੀ ਉੱਪਰ ਪੁੱਜਣ ਤੇ ਵੱਖ-ਵੱਖ ਸਿੱਖ ਅਦਾਰਿਆਂ ਅਤੇ ਸੇਵਕਾਂ ਵੱਲੋਂ ਮਾਣ ਸਨਮਾਨ ਕੀਤਾ ਜਾ ਰਿਹਾ ਹੈ। ਉਥੇ ਹੀ ਇੰਗਲੈਂਡ ਦੇ ਬਣੇ ਐਮ.ਪੀ ਸਰਦਾਰ ਤਨਮਨਜੀਤ ਸਿੰਘ ਢੇਸੀ ਵੱਲੋਂ ਵੀ ਸੰਤ ਬਾਬਾ ਸੱਜਣ ਸਿੰਘ ਜੀ ਦਾ ਮਾਣ ਸਨਮਾਨ ਸਲੋਹ ਯੂ.ਕੇ ਵਿੱਚ ਕੀਤਾ ਗਿਆ। ਇਸ ਮੌਕੇ ਉਹਨਾਂ ਦੇ ਨਾਲ ਭਾਈ ਹਰਪਾਲ ਸਿੰਘ ਕੋਟ ਖਹਿਰਾ ,ਗਿਆਨੀ ਸੁਲੱਖਣ ਸਿੰਘ ਕੱਲਾ ,ਸਰਦਾਰ ਇੰਦਰਜੀਤ ਸਿੰਘ ਮੋਹਨਪੁਰਾ ਆਦਿ ਹਾਜਰ ਸਨ।

# ਸਰਨਾ ਤੇ ਜੀ.ਕੇ. ਦੱਸਣ ਕਿ ਸ਼ੋ੍ਮਣੀ ਕਮੇਟੀ ਵੱਲੋਂ ਕੌਮ ਦੀਆਂ ਜਾਇਦਾਦਾਂ ਵੇਚਣ 'ਤੇ ਉਨ੍ਹਾਂ ਨੇ ਚੁੱਪ ਕਿਉਂ ਵੱਟੀ: ਕਾਲਕਾ, ਕਾਹਲੋਂ




ਨਵੀਂ ਦਿੱਲੀ, 21 ਜੂਨ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਅਕਾਲੀ ਦਲ ਬਾਦਲ ਦੇ ਆਗੂਆਂ ਪਰਮਜੀਤ ਸਿੰਘ ਸਰਨਾ ਤੇ ਮਨਜੀਤ ਸਿੰਘ ਜੀ.ਕੇ. ਨੂੰ ਸੁਆਲ ਕੀਤਾ ਹੈ ਕਿ ਉਹ ਦੱਸਣ ਕਿ ਕੌਮ ਦੀਆਂ ਜਾਇਦਾਦਾਂ ਵੇਚਣ ਦੇ ਸ਼੍ਰੋਮਣੀ ਕਮੇਟੀ ਦੇ ਕਾਰੇ 'ਤੇ ਉਨ੍ਹਾਂ ਨੇ ਚੁੱਪੀ ਕਿਉਂ ਵੱਟੀ ਹੋਈ ਹੈ। ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਸਾਬਕਾ ਜਥੇਦਾਰ ਗਿਆਨੀ ਰਣਜੀਤ ਸਿੰਘ ਨੇ ਇਸ ਗੱਲ ਦੀ ਪੁਸ਼ਟੀ ਕੀਤੀ ਹੈ ਕਿ ਸ਼੍ਰੋਮਣੀ ਕਮੇਟੀ ਨੇ 60 ਲੱਖ ਰੁਪਏ ਕੀਮਤ ਦਾ ਪਲਾਟ 12 ਲੱਖ ਰੁਪਏ ਅਤੇ 55 ਲੱਖ ਰੁਪਏ ਕੀਮਤ ਦਾ ਪਲਾਟ 9 ਲੱਖ ਰੁਪਏ ਵਿਚ ਆਪਣੇ ਹੀ ਚਹੇਤਿਆਂ ਨੂੰ ਵੇਚ ਦਿੱਤੇ ਹਨ। ਇਹ ਜਾਇਦਾਦਾਂ ਸੰਗਤ ਨੇ ਹੀ ਸ਼੍ਰੋਮਣੀ ਕਮੇਟੀ ਨੂੰ ਭੇਟਾ ਵਜੋਂ ਦਿੱਤੇ ਸਨ ਤੇ ਇਹਨਾਂ ਨੂੰ ਵੇਚਣ ਦਾ ਸ਼੍ਰੋਮਣੀ ਕਮੇਟੀ ਦਾ ਕੋਈ ਹੱਕ ਨਹੀਂ ਬਣਦਾ। ਦਿੱਲੀ ਕਮੇਟੀ ਨੇ ਤਾਂ ਇਕੱਲੀ ਦਿੱਲੀ ਵਿਚ ਕੌਮ ਦੀਆਂ ਜਾਇਦਾਦਾਂ ਦੀ ਸੂਚੀ ਹੀ ਅਦਾਲਤ ਨੂੰ ਸੌਂਪੀ ਸੀ ਤੇ ਦੱਸਿਆ ਸੀ ਕਿ ਇਹ ਕੌਮੀ ਜਾਇਦਾਦਾਂ ਹਨ ਜੋ ਵੇਚੀਆਂ ਨਹੀਂ ਜਾ ਸਕਦੀਆਂ, ਉਸ ਵੇਲੇ ਤਾਂ ਪਰਮਜੀਤ ਸਿੰਘ ਸਰਨਾ ਤੇ ਮਨਜੀਤ ਸਿੰਘ ਜੀ.ਕੇ. ਨੇ ਹਾਲ ਦੁਹਾਈ ਪਾ ਦਿੱਤੀ ਸੀ ਤੇ ਧਰਨੇ ਮੁਜ਼ਾਹਰੇ ਸ਼ੁਰੂ ਕਰ ਦਿੱਤੇ ਸਨ। ਉਹਨਾਂ ਸਰਨਾ ਤੇ ਜੀ.ਕੇ. ਦੋਵਾਂ ਨੂੰ ਸਵਾਲ ਕੀਤਾ ਕਿ ਕੀ ਉਹ ਹੁਣ ਦਿੱਲੀ ਤੋਂ ਸੰਗਤ ਲਿਜਾ ਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਘਰ ਅੱਗੇ ਰੋਸ ਧਰਨੇ ਦੇਣਗੇ ਅਤੇ ਜਾਇਦਾਦਾਂ ਵੇਚਣ ਦਾ ਵਿਰੋਧ ਕਰਨਗੇ..? ਉਨ੍ਹਾਂ ਨੇ ਸ਼੍ਰੋਮਣੀ ਕਮੇਟੀ ਦੀ ਲੀਡਰਸ਼ਿਪ ਨੂੰ ਆਖਿਆ ਕਿ ਓਹ ਸ਼੍ਰੋਮਣੀ ਕਮੇਟੀ ਦੀ ਕਰੋੜਾਂ ਅਰਬਾਂ ਰੁਪਏ ਦੀ ਜ਼ਮੀਨ ਦੇ ਵੇਰਵੇ ਜਾਰੀ ਕਰੇ ਅਤੇ ਦੱਸੇ ਕਿ ਕਿਹੜੀ ਜ਼ਮੀਨ ਕਿੰਨੇ ਰੁਪਏ ਵਿਚ ਠੇਕੇ 'ਤੇ ਦਿੱਤੀ ਹੈ ਕਿਉਂਕਿ ਅੱਜ ਕੱਲ੍ਹ ਮਾਰਕੀਟ ਰੇਟ ਮੁਤਾਬਕ ਠੇਕਾ ਕੀਮਤਾਂ 50 ਤੋਂ ਲੈ ਕੇ 70 ਹਜ਼ਾਰ ਰੁਪਏ ਪ੍ਰਤੀ ਮਹੀਨਾ ਚਲ ਰਹੀਆਂ ਹਨ। ਜੇਕਰ ਸ਼੍ਰੋਮਣੀ ਕਮੇਟੀ ਨੇ ਘੱਟ ਰੇਟ 'ਤੇ ਜ਼ਮੀਨਾਂ ਠੇਕੇ 'ਤੇ ਦਿੱਤੀਆਂ ਹਨ ਤਾਂ ਕਿਉਂ ਦਿੱਤੀਆਂ ਹਨ, ਅਜਿਹੇ ਠੇਕੇ ਰੱਦ ਕਰ ਕੇ ਮਾਰਕੀਟ ਰੇਟ ਮੁਤਾਬਕ ਜ਼ਮੀਨਾਂ ਠੇਕੇ 'ਤੇ ਦਿੱਤੀਆਂ ਜਾਣ। ਉਹਨਾਂ ਨੇ ਇਹ ਵੀ ਮੰਗ ਕੀਤੀ ਕਿ ਪਿਛਲੇ 15 ਤੋਂ 20 ਸਾਲਾਂ ਤੋਂ ਹਰਿਆਣਾ ਵਿਚਲੀ ਜੋ ਸ਼੍ਰੋਮਣੀ ਕਮੇਟੀ ਦੀ ਜਾਇਦਾਦ ਹੈ, ਉਸਦੇ ਵੇਰਵੇ ਵੀ ਜਨਤਕ ਕੀਤੇ ਜਾਣ ਤੇ ਉਸਦਾ ਠੇਕਾ ਵੀ ਮਾਰਕੀਟ ਕੀਮਤ ਮੁਤਾਬਕ ਤੈਅ ਹੋਵੇ। ਉਹਨਾਂ ਕਿਹਾ ਕਿ ਇਹ ਜ਼ਮੀਨਾਂ ਜਾਇਦਾਦਾਂ ਕੌਮ ਦੀ ਜਾਇਦਾਦ ਹਨ ਜਿਸਨੂੰ ਵੇਚਣ ਦਾ ਕਿਸੇ ਨੂੰ ਵੀ ਹੱਕ ਨਹੀਂ। ਉਹਨਾਂ ਕਿਹਾ ਕਿ ਮਨਜੀਤ ਸਿੰਘ ਜੀ.ਕੇ. ਤੇ ਪਰਮਜੀਤ ਸਿੰਘ ਸਰਨਾ ਨੂੰ ਵੀ ਆਪਣੀ ਚੁੱਪੀ ਤੋੜਨੀ ਚਾਹੀਦੀ ਹੈ ਤੇ ਕੌਮ ਦੀਆਂ ਜਾਇਦਾਦਾਂ ਵੇਚਣ ਦਾ ਵਿਰੋਧ ਕਰਨਾ ਚਾਹੀਦਾ ਹੈ।

## ਕੁੱਜੀ ਵਿੱਚ ਸਮੁੰਦਰ

ਜਿੰਨੀਂ ਕੁ ਰਚਨਾ ਛੋਟੀ ਹੋਊ ,
ਓਨੇਂ ਚਾਅ ਨਾਲ਼ ਪੜ੍ਹੀ ਜਾਊ ।
ਜੇ ਤੋਲ ਤੁਕਾਂਤ 'ਚ ਫ਼ਰਕ ਹੋਊ ,
ਤਾਂ ਬੋਲਣ ਮੌਕੇ ਅੜੀ ਜਾਊ ।
ਜਿਓਂ ਜਿਓਂ ਪਾਣੀ ਹੇਠਾਂ ਜਾਊ ,
ਖੂਹ ਨੂੰ ਡੂੰਘਾ ਕਰਦਾ ਰਹੀਂ ;
ਹਰ ਤੁਣਕੇ ਨਾਲ਼ ਤੇਰੀ ਗੁੱਡੀ ,
ਹੋਰ ਉਚੇਰੀ ਚੜ੍ਹਦੀ ਜਾਊ ।

-ਮੂਲ ਚੰਦ ਸ਼ਰਮਾ ਪ੍ਰਧਾਨ ,
ਪੰਜਾਬੀ ਸਾਹਿਤ ਸਭਾ ਧੂਰੀ ਜਿਲ੍ਹਾ ਸੰਗਰੂਰ ।
9914836037

### ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨੇ

# ਕੌਮਾਂਤਰੀ ਗੱਤਕਾ ਦਿਹਾੜਾ ਅੰਮ੍ਰਿਤਸਰ ਵਿਖੇ ਖਾਲਸਾਈ ਜਾਹੋ ਜਲਾਲ ਨਾਲ ਮਨਾਇਆ














**ਅੰਮ੍ਰਿਤਸਰ, 21 ਜੂਨ (ਆਵਾਜ਼ਿ ਕੌਮ ਬਿਊਰੋ)**-ਅੱਜ ਕੌਮਾਂਤਰੀ ਗੱਤਕਾ ਦਿਹਾੜਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਗੁਰਦੁਆਰਾ ਅਟਾਰੀ ਸਾਹਿਬ, ਪਿੰਡ ਸੁਲਤਾਨਵਿੰਡ, ਸ੍ਰੀ ਅੰਮ੍ਰਿਤਸਰ ਵਿਖੇ ਜਨਰਲ ਸਕੱਤਰ ਸ. ਉਪਕਾਰ ਸਿੰਘ ਸੰਧੂ ਦੀ ਅਗਵਾਈ ਹੇਠ ਮਨਾਇਆ ਗਿਆ, ਜਿਸ ਵਿੱਚ ਭਾਈ ਅਮਰੀਕ ਸਿੰਘ ਨੰਗਲ, ਭਾਈ ਦਲਬੀਰ ਸਿੰਘ ਬੰਡਾਲਾ, ਭਾਈ ਹਰਮਨਦੀਪ ਸਿੰਘ ਸੁਲਤਾਨਵਿੰਡ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਤੇ ਭਾਈ ਭੁਪਿੰਦਰ ਸਿੰਘ ਛੇ ਜੂਨ ਵੀ ਹਿੱਸਾ ਲਿਆ। ਇਸ ਮੌਕੇ ਸਾਹਿਬਜ਼ਾਦਾ ਅਜੀਤ ਸਿੰਘ ਗੱਤਕਾ ਅਖਾੜਾ ਅਤੇ ਲਾਡਲੀਆਂ ਫੌਜਾਂ ਦਸਮੇਸ਼ ਤਰਨਾ ਦਲ ਗੱਤਕਾ ਅਖਾੜਾ ਵੱਲੋਂ ਸ਼ਾਨਦਾਰ ਗੱਤਕੇ ਦੇ ਪ੍ਰਦਰਸ਼ਨ ਕੀਤੇ ਗਏ, ਜਿਨ੍ਹਾਂ ਨੇ ਸੰਗਤਾਂ ਨੂੰ ਰੂਹਾਨੀ ਜੋਸ਼ ਅਤੇ ਸਿੱਖੀ ਜਜ਼ਬੇ ਨਾਲ ਭਰਪੂਰ ਕੀਤਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਨਰਲ ਸਕੱਤਰ ਸ. ਉਪਕਾਰ ਸਿੰਘ ਸੰਧੂ ਨੇ ਕਿਹਾ, ਜਿੱਥੇ ਅੱਜ ਜਦੋਂ ਦੁਨੀਆਂ ਭਰ ਵਿੱਚ ਯੋਗਾ ਦਿਵਸ ਮਨਾਇਆ ਜਾ ਰਿਹਾ ਹੈ, ਉਸੇ ਸਮੇਂ ਅਸੀਂ ਸਿੱਖ ਧਰਮ ਦੇ ਮੂਲ ਸਿਧਾਂਤ 'ਮੀਰੀ-ਪੀਰੀ' ਅਨੁਸਾਰ ਗੱਤਕਾ ਦਿਵਸ ਮਨਾ ਕੇ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਉਪਦੇਸ਼ ਨੂੰ ਯਾਦ ਕਰ ਰਹੇ ਹਾਂ।" ਉਨ੍ਹਾਂ ਨੇ ਅਗਲੇ ਸਾਲ ਤੋਂ ਇਸ ਦਿਨ ਨੂੰ ਹੋਰ ਵੱਡੇ ਪੱਧਰ 'ਤੇ ਮਨਾਉਣ ਅਤੇ ਗੱਤਕੇ ਨੂੰ ਵਿਸ਼ਵ ਪੱਧਰ 'ਤੇ ਪਹਿਚਾਣ ਦਿਵਾਉਣ ਦੀ ਵੀ ਮੰਗ ਕੀਤੀ। ਭਾਈ ਹਰਮਨਦੀਪ ਸਿੰਘ ਸੁਲਤਾਨਵਿੰਡ, ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਭਾਈ ਭੁਪਿੰਦਰ ਸਿੰਘ 6 ਜੂਨ, ਭਾਈ ਅਮਰੀਕ ਸਿੰਘ ਨੰਗਲ ਨੇ ਕਿਹਾ ਕਿ ਸਿੱਖ ਇੱਕ ਵੱਖਰੀ ਕੌਮ ਹੈ, ਸਿੱਖਾਂ ਦਾ ਯੋਗਾ ਨਾਲ ਕੋਈ ਸਬੰਧ ਨਹੀਂ, ਸਿੱਖ ਸ਼ਸਤਰ ਅਤੇ ਸ਼ਾਸਤਰ ਦੇ ਧਾਰਨੀ ਹਨ। ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਹੁਕਮ ਹੋਣਾ ਚਾਹੀਦਾ ਹੈ ਕਿ ਇੱਕ ਪਰਿਵਾਰ ਵਿੱਚ ਜਿੰਨੇ ਵੀ ਮੈਂਬਰ ਹਨ ਓਨੇ ਘਰ ਵਿੱਚ ਸ਼ਸਤਰ ਹੋਣੇ ਚਾਹੀਦੇ ਹਨ। ਇਸ ਮੌਕੇ ਕੁਲਵੰਤ ਸਿੰਘ ਕੋਟਲਾ, ਕੁਲਵੰਤ ਸਿੰਘ ਮਝੈਲ, ਦਵਿੰਦਰ ਸਿੰਘ ਫਤਾਹਪੁਰ, ਸਿਮਰਨਜੀਤ ਸਿੰਘ, ਰਵੀਸ਼ੇਰ ਸਿੰਘ, ਤਰਲੋਕ ਸਿੰਘ ਬਿੱਟਾ, ਬਲਜੀਤ ਸਿੰਘ ਬੁੱਟਰ, ਮਹਿੰਦਰਪਾਲ ਸਿੰਘ ਮਹਿਤਾ, ਸੁਖਵਿੰਦਰ ਸਿੰਘ, ਜਸਕਰਨ ਸਿੰਘ, ਰਸਪਿੰਦਰ ਕੌਰ ਗਿੱਲ, ਸੁਖਮਨ ਕੌਰ, ਬਲਜਿੰਦਰ ਕੌਰ ਸੰਧੂ , ਬੀਬੀ ਕੁਲਵਿੰਦਰ ਕੌਰ, ਮੈਨੇਜਰ ਰਛਪਾਲ ਸਿੰਘ, ਸੁਰਜੀਤ ਸਿੰਘ ਗੋਹਲਵੜ, ਗਗਨਦੀਪ ਸਿੰਘ ਸੁਲਤਾਨਵਿੰਡ, ਅੰਮ੍ਰਿਤਪਾਲ ਸਿੰਘ ਤੇ ਹੋਰ ਹਾਜ਼ਰ ਸਨ।

# ਬਠਿੰਡਾ ਰੂਰਲ ਕੈਮਿਸਟ ਐਸੋਸੀਏਸ਼ਨ ਬਲਾਕ ਤਲਵੰਡੀ ਸਾਬੋ ਦੀ ਹੋਈ ਮਹੀਨਾਵਾਰ ਮੀਟਿੰਗ



**ਤਲਵੰਡੀ ਸਾਬੋ, 21 ਜੂਨ (ਗੁਰਜੰਟ ਸਿੰਘ ਨਥੇਹਾ)**-ਬਠਿੰਡਾ ਰੂਰਲ ਕੈਮਿਸਟ ਐਸੋਸੀਏਸ਼ਨ ਬਲਾਕ ਤਲਵੰਡੀ ਸਾਬੋ ਦੀ ਮਹੀਨਾਵਾਰ ਮੀਟਿੰਗ ਬਲਾਕ ਪ੍ਰਧਾਨ ਜਸਵਿੰਦਰ ਸਿੰਘ ਮਲਕਾਣਾ ਦੀ ਯੋਗ ਅਗਵਾਈ ਹੇਠ ਹੋਈ। ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਸੀਨੀਅਰ ਜ਼ਿਲ੍ਹਾ ਪ੍ਰਧਾਨ ਅਜੈਬ ਸਿੰਘ ਪੂਹਲਾ ਅਤੇ ਵੱਖ-ਵੱਖ ਪਿੰਡਾਂ ਵਿੱਚੋ ਕੈਮਿਸਟ ਸਾਥੀਆਂ ਨੇ ਹਿਸਾ ਲਿਆ। ਮੀਟਿੰਗ ਵਿੱਚ ਜਸਵਿੰਦਰ ਸਿੰਘ ਮਲਕਾਣਾ (ਪ੍ਰਧਾਨ), ਵਿਜੈ ਕੁਮਾਰ ਸੇਖੂ (ਕੈਸ਼ੀਅਰ), ਬਲਕਾਰ ਸਿੰਘ ਜੱਜਲ (ਪ੍ਰੈਸ ਸਕੱਤਰ), ਹਰਚਰਨ ਸਿੰਘ (ਮੀਤ ਪ੍ਰਧਾਨ) ਬਲਾਕ ਭੁੱਚੋ ਦੇ ਗੁਰਪ੍ਰੀਤ ਸਿੰਘ (ਪ੍ਰਧਾਨ), ਰਣਪ੍ਰੀਤ ਸਿੰਘ (ਮੀਤ ਪ੍ਰਧਾਨ), ਗੁਰਜੀਤ ਸਿੰਘ( ਕੈਸ਼ੀਅਰ), ਸ਼ਿਵਰਾਜ ਸਿੰਘ ਸੁਖਲੱਧੀ, ਇਕਬਾਲ ਸਿੰਘ, ਹੈਪੀ ਸੀਂਗੋ, ਮਹਿੰਦਰ ਔਲਖ ਮਲਕਾਣਾ, ਹਰਭਗਵੰਤ ਸਿੰਘ ਕੋਟਭਾਈ, ਸੁਰਜੀਤ ਸਿੰਘ ਸੇਖੂ, ਬੀਰਬਲ ਖਾਨ, ਮਨਪ੍ਰੀਤ ਸਿੰਘ ਭਗਵਾਨਗੜ੍ਹ, ਬੂਟਾ ਸਿੰਘ ਜੀਵਨ ਸਿੰਘ ਵਾਲਾ, ਗਗਨਦੀਪ ਸੀਂਗੋ, ਲਖਵਿੰਦਰ ਸੀਂਗੋ, ਲਖਵਿੰਦਰ ਸਿੰਘ ਗੋਬਿੰਦਪੁਰਾ, ਗੁਰਮੀਤ ਖਾਨ ਗੋਬਿੰਦਪੁਰਾ, ਗੁਰਵਿੰਦਰ ਸਿੰਘ ਲਹਿਰਾ ਮਹੁੱਬਤ, ਪਰਵਿੰਦਰ ਸਿੰਘ ਗਿਆਨਾ, ਗੁਰਸੇਵਕ ਸਿੰਘ ਲਹਿਰੀ, ਗੁਰਦੀਪ ਸਿੰਘ ਗਿਆਨਾ, ਮੰਦਰ ਸਿੰਘ ਫੁੱਲੋਖਾਰੀ, ਨੈਬ ਸਿੰਘ ਲਹਿਰੀ, ਅਜੀਤਪਾਲ ਸਿੰਘ ਤਿਉਣਾ, ਹਰਭਗਵਾਨ ਸਿੰਘ ਕੋਟਬਖਤੂ, ਪਰਮਜੀਤ ਸਿੰਘ ਮਾਹੀਨੰਗਲ, ਗੁਰਲਾਲ ਸਿੰਘ ਬਹਿਮਣ ਕੌਰ ਸਿੰਘ, ਪਰਮਜੀਤ ਸਿੰਘ ਚੱਠੇਵਾਲਾ, ਨਵਦੀਪ ਨਥੇਹਾ, ਬਲਤੇਜ ਸਿੰਘ ਭਾਗੀਵਾਂਦਰ, ਬੂਟਾ ਸਿੰਘ ਬੰਗੀ ਦੀਪਾ, ਰਿਤਿਕਾ ਗਰਗ ਭੁੱਚੋ, ਲਖਵੀਰ ਸਿੰਘ ਸੇਮਾਂ, ਅਮਨਦੀਪ ਸਿੰਘ ਪੂਹਲੀ, ਜਗਮੀਤ ਸਿੰਘ ਦੁੱਲੇਵਾਲਾ, ਗੁਰਪ੍ਰੀਤ ਸਿੰਘ, ਗੋਲਡੀ ਆਦਿ ਹਾਜਰ ਸਨ।

# ਸਿਹਤ ਬਲਾਕ ਤਲਵੰਡੀ ਸਾਬੋ ਵੱਲੋਂ ਮਨਾਇਆ ਵਿਸ਼ਵ ਯੋਗ ਦਿਵਸ



**ਤਲਵੰਡੀ ਸਾਬੋ, 21 ਜੂਨ (ਗੁਰਜੰਟ ਸਿੰਘ ਨਥੇਹਾ)**- ਵਿਸ਼ਵ ਯੋਗਾ ਦਿਵਸ ਮੌਕੇ ਸਿਹਤ ਬਲਾਕ ਤਲਵੰਡੀ ਸਾਬੋ ਦੇ ਸਮੂਹ ਸਿਹਤ ਕੇਂਦਰਾਂ 'ਤੇ ਯੋਗਾ ਅਭਿਆਸ ਕੈਂਪ ਲਾਏ ਗਏ।ਇਸ ਮੌਕੇ ਆਪਣੇ ਸੰਬੋਧਨ ਵਿੱਚ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵੀ ਕਾਂਤ ਨੇ ਕਿਹਾ ਕਿ ਯੋਗਾ ਸਰੀਰਕ, ਮਾਨਕਿ ਅਤੇ ਅਧਿਆਤਮਕ ਅਭਿਆਸ ਹੈ। ਉਨ੍ਹਾਂ ਕਿਹਾ ਕਿ ਯੋਗਾ ਕਰਨ ਨਾਲ ਮਾਸਪੇਸ਼ੀਆਂ ਮਜ਼ਬੂਤ ਹੁੰਦੀਆਂ ਹਨ ਅਤੇ ਸਰੀਰ ਵਿੱਚ ਲਚਕਤਾ ਵਧਦੀ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਖ਼ੂਨ ਦੇ ਗੇੜ ਵਿੱਚ ਵੀ ਸੁਧਾਰ ਹੁੰਦਾ ਹੈ ਅਤੇ ਸਾਹ ਪ੍ਰਣਾਲੀ ਮਜ਼ਬੂਤ ਹੁੰਦੀ ਹੈ।ਇਸ ਮੌਕੇ ਬੋਲਦਿਆਂ ਉਨ੍ਹਾਂ ਕਿਹਾ ਕਿ ਯੋਗਾ ਕਰਨ ਨਾਲ ਬਲੱਡ ਪ੍ਰੈਸ਼ਰ, ਸ਼ੂਗਰ ਅਤੇ ਦਿਲ ਦੀਆਂ ਬਿਮਾਰੀਆਂ ਤੇ ਵੀ ਕਾਬੂ ਪਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਮਾਨਸਿਕ ਤਨਾਅ ਤੋਂ ਵੀ ਮੁਕਤੀ ਮਿਲਦੀ ਹੈ। ਡਾ. ਜਸਬੀਰ ਕੌਰ ਨੇ ਕਿਹਾ ਕਿ ਯੋਗ ਸਿਰਫ਼ ਇੱਕ ਸਰੀਰਕ ਅਭਿਆਸ ਨਹੀਂ ਹੈ ਬਲਕਿ ਇੱਕ ਅਧਿਆਤਮਕ ਮਾਰਗ ਵੀ ਹੈ ਜੋ ਵਿਅਕਤੀ ਨੂੰ ਅੰਦਰੂਨੀ ਸ਼ਾਂਤੀ ਅਤੇ ਆਤਮ ਵਿਆਨ ਵੱਲ ਲੈ ਕੇ ਜਾਂਦਾ ਹੈ। ਬਲਾਕ ਐਜੂਕੇਟਰ ਗੁਰਸਿਮਰਤ ਕੌਰ ਨੇ ਦੱਸਿਆ ਕਿ ਇਸ ਉਤਸਵ ਦੀ ਗਿਆਰਵੀਂ ਵਰ੍ਹੇਗੰਢ ਮੌਕੇ ਇੱਕ ਧਰਤੀ ਇੱਕ ਸਿਹਤ ਲਈ ਯੋਗ ਥੀਮ ਤਹਿਤ ਮਨਾਏ ਗਏ ਇਸ ਦਿਹਾੜੇ ਮੌਕੇ ਸਿਹਤ ਬਲਾਕ ਤਲਵੰਡੀ ਸਾਬੋ ਅਧੀਨ ਸਿਹਤ ਕੇਂਦਰਾਂ ਦੇ ਸਮੂਹ ਸਟਾਫ਼ ਵੱਲੋਂ ਯੋਗ ਗਤੀਵਿਧੀਆਂ ਵਿੱਚ ਭਾਗ ਲਿਆ। ਇਸ ਮੌਕੇ ਸਮੂਹ ਸੀ.ਐਚ.ਓ, ਮ.ਪ.ਹ.ਵ ਮੇਲ ਅਤੇ ਫੀਮੇਲ, ਸਿਹਤ ਸੁਪਰਵਾਇਜ਼ਰ, ਆਸ਼ਾ ਵਰਕਰਾਂ ਅਤੇ ਨਗਰ ਨਿਵਾਸੀਆਂ ਵੱਲੋਂ ਭਾਗ ਲਿਆ ਗਿਆ।

# ਗੁਰਦੁਆਰਾ ਗੁਰੂ ਨਾਨਕ ਸਿੱਖ ਟੈਂਪਲ ਦੇ ਸਾਬਕਾ ਪ੍ਰਧਾਨ ਰਘਬੀਰ ਸਿੰਘ ਨਿੱਝਰ ਦੇ ਦਫ਼ਤਰ ਅਤੇ ਵਾਹਨਾਂ 'ਤੇ ਗੋਲੀਬਾਰੀ ਨੁਕਸਾਨ ਤੋਂ ਰਿਹਾ ਬਚਾਅ, ਜਾਂਚ ਜਾਰੀ



**ਨਵੀਂ ਦਿੱਲੀ 21 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਕੈਨੇਡਾ ਦੇ ਸਰੀ ਖੇਤਰ ਵਿੱਚ ਦਿਨ-ਬ-ਦਿਨ ਵਿਗੜਦੀ ਅਮਨ ਕਾਨੂੰਨ ਦੀ ਹਾਲਤ ਵਿਚ ਉਦੋਂ ਇੱਕ ਹੋਰ ਅਧਿਆਇ ਜੁੜ ਗਿਆ ਜਦੋਂ ਗੁਰਦੁਆਰਾ ਗੁਰੂ ਨਾਨਕ ਸਿੱਖ ਟੈਂਪਲ, ਸਕਾਟ ਰੋਡ ਦੇ ਸਾਬਕਾ ਪ੍ਰਧਾਨ ਰਘਬੀਰ ਸਿੰਘ ਨਿਝਰ ਦੇ ਟਰੱਕਿੰਗ ਕਾਰੋਬਾਰੀ ਦਫ਼ਤਰ ਅਤੇ ਵਾਹਨਾਂ 'ਤੇ ਅਣਪਛਾਤੇ ਅਨਸਰਾਂ ਨੇ ਗੋਲੀਬਾਰੀ ਕਰ ਦਿੱਤੀ। ਮਿਲੀਆਂ ਰਿਪੋਰਟਾਂ ਅਨੁਸਾਰ ਇਸ ਗੋਲੀਬਾਰੀ ਵਿੱਚ ਕਿਸੇ ਵੱਡੇ ਨੁਕਸਾਨ ਤੋਂ ਬਚਾਅ ਰਿਹਾ ਹੈ। ਪੁਲਿਸ ਵੱਲੋਂ ਘਟਨਾ ਦੀ ਜਾਂਚ ਕੀਤੀ ਜਾ ਰਹੀ ਹੈ। ਜਿਕਰਯੋਗ ਹੈ ਕਿ ਕੈਨੇਡਾ ਦੀ ਖੁਫੀਆ ਏਜੰਸੀਆਂ ਵਲੋਂ ਜਾਰੀ ਕੀਤੀ ਗਈ ਰਿਪੋਰਟ ਵਿਚ ਕਿਹਾ ਗਿਆ ਹੈ ਕਿ ਕੈਨੇਡਾ ਵਿੱਚ ਵਿਦੇਸ਼ੀ ਦਖਲਅੰਦਾਜ਼ੀ ਅਤੇ ਜਾਸੂਸੀ ਗਤੀਵਿਧੀਆਂ ਵਿਆਪਕ, ਸੂਝਵਾਨ ਅਤੇ ਨਿਰੰਤਰ ਜਾਰੀ ਹਨ। ਵਿਦੇਸ਼ੀ ਦਖਲਅੰਦਾਜ਼ੀ ਵਿੱਚ ਭਾਰਤ ਸਰਕਾਰ ਦੀ ਸ਼ਮੂਲੀਅਤ ਦੀ ਹੱਦ ਸਪੱਸ਼ਟ ਹੋਈ ਹੈ ।ਭਾਰਤੀ ਅਧਿਕਾਰੀ, ਜਿਨ੍ਹਾਂ ਵਿੱਚ ਉਨ੍ਹਾਂ ਦੇ ਕੈਨੇਡਾ-ਅਧਾਰਤ ਪ੍ਰੌਕਸੀ ਏਜੰਟ ਸ਼ਾਮਲ ਹਨ, ਕਈ ਤਰ੍ਹਾਂ ਦੀਆਂ ਗਤੀਵਿਧੀਆਂ ਵਿੱਚ ਸ਼ਾਮਲ ਹੁੰਦੇ ਹਨ, ਇਹ ਗਤੀਵਿਧੀਆਂ ਧੋਖੇਬਾਜ਼, ਗੁਪਤ ਜਾਂ ਧਮਕੀ ਭਰੀਆਂ ਹੁੰਦੀਆਂ ਹਨ, ਤਾਂ ਉਹਨਾਂ ਨੂੰ ਵਿਦੇਸ਼ੀ ਦਖਲਅੰਦਾਜ਼ੀ ਮੰਨਿਆ ਜਾਂਦਾ ਹੈ। ਨਰਿੰਦਰ ਮੋਦੀ ਦੇ ਦੁਬਾਰਾ ਚੁਣੇ ਜਾਣ ਨਾਲ, ਭਾਰਤ ਦਾ ਰਾਜਨੀਤਿਕ ਰਸਤਾ ਇੱਕ ਹਿੰਦੂ-ਰਾਸ਼ਟਰਵਾਦੀ ਨੀਤੀ ਏਜੰਡੇ ਦੀ ਨਿਰੰਤਰਤਾ ਹੋਵੇਗਾ । ਰਘਬੀਰ ਸਿੰਘ ਨਿਝਰ ਨੇ ਜਾਂਚ ਅਧਿਕਾਰੀਆਂ ਕੋਲ ਖੁਲਾਸਾ ਕੀਤਾ ਹੈ ਕਿ ਉਨ੍ਹਾਂ ਪਾਸੋਂ ਕੁਝ ਸਮੇਂ ਤੋਂ ਭਾਰਤੀ ਨਾਮੀ ਗੈਂਗਸਟਰ ਲਾਰੈਂਸ ਬਿਸ਼ਨੋਈ ਗੈਂਗ ਦੇ ਨਾਮ ਤੇ 5 ਲੱਖ ਡਾਲਰ ਦੀ ਫਰੌਤੀ ਮੰਗੀ ਜਾ ਰਹੀ ਸੀ ਤੇ ਨਾ ਦੇਣ ਤੇ ਮਾਰਨ ਦੀਆਂ ਧਮਕੀਆਂ ਦਿੱਤੀਆਂ ਜਾ ਰਹੀਆਂ ਸਨ। ਜਿਕਰਯੋਗ ਹੈ ਕਿ ਸ. ਰਘਬੀਰ ਸਿੰਘ ਨਿਝਰ, ਮਰਹੂਮ ਖਾਲਿਸਤਾਨੀ ਆਗੂ ਹਰਦੀਪ ਸਿੰਘ ਨਿਝਰ ਦੇ ਚਚੇਰੇ ਭਰਾ ਹਨ ਤੇ ਸਥਾਨਕ ਸਿੱਖ ਸਿਆਸਤ ਵਿਚ ਸਰਗਰਮ ਹਨ, ਕੁਝ ਅਰਸਾ ਪਹਿਲਾਂ ਇਨ੍ਹਾਂ ਦੀ ਰਿਹਾਇਸ਼ 'ਤੇ ਵੀ ਗੋਲੀਬਾਰੀ ਹੋ ਚੁੱਕੀ ਹੈ। ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਹਰਦੀਪ ਸਿੰਘ ਨਿਝਰ ਦਾ ਗੁਰਦੁਆਰੇ ਦੇ ਪ੍ਰਧਾਨ ਹੁੰਦਿਆਂ 2 ਵਰ੍ਹੇ ਪਹਿਲਾਂ 18 ਜੂਨ 2023 ਨੂੰ ਗੁਰਦੁਆਰੇ ਦੀ ਪਾਰਕਿੰਗ ਵਿਚ ਹੀ ਗੋਲੀਆਂ ਮਾਰਕੇ ਸ਼ਹੀਦ ਕਰ ਦਿੱਤਾ ਗਿਆ ਸੀ।

### ਸੁਰੀਤ ਈਵੈਂਟਸ ਨੇ "ਚੈਰਿਟੀ ਨੈਸ਼ਨਲ ਅਵਾਰਡ" ਅਤੇ "ਸਮਾਜ ਸੇਵਕ ਨਾਰੀ ਰਾਸ਼ਟਰੀ ਸਨਮਾਨ" ਨਾਲ ਵੱਖ ਵੱਖ ਖੇਤਰਾਂ ਵਿਚ ਕੰਮ ਕਰਣ ਵਾਲੀ ਔਰਤਾਂ ਨੂੰ ਕੀਤਾ ਸਨਮਾਨਿਤ

# ਔਰਤਾਂ ਦਾ ਸਤਿਕਾਰ ਸਮਾਜ ਦਾ ਸਤਿਕਾਰ ਹੈ - ਪੰਮਾ

**ਨਵੀਂ ਦਿੱਲੀ 21 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਸੁਰੀਤ ਈਵੈਂਟਸ ਦੀ ਸੱਤਵੀਂ ਵਰ੍ਹੇਗੰਢ ਦੇ ਮੌਕੇ 'ਤੇ, ਰਾਸ਼ਟਰੀ ਪ੍ਰਧਾਨ ਰਸ਼ਮੀਤ ਕੌਰ ਬਿੰਦਰਾ ਨੇ ਕਿਹਾ ਕਿ ਸੁਰੀਤ ਈਵੈਂਟਸ ਨੇ ਝੁੱਗੀ-ਝੌਂਪੜੀ ਵਾਲੇ ਇਲਾਕਿਆਂ ਲਈ ਕੰਮ ਕਰਦੇ ਸੱਤ ਸਾਲ ਪੂਰੇ ਕਰ ਲਏ ਹਨ। ਪ੍ਰੋਗਰਾਮ ਦੇ ਮੁੱਖ ਮਹਿਮਾਨ ਨੈਸ਼ਨਲ ਅਕਾਲੀ ਦਲ ਦੇ ਰਾਸ਼ਟਰੀ ਪ੍ਰਧਾਨ, ਪਰਮਜੀਤ ਸਿੰਘ ਪੰਮਾ ਨੇ ਵੱਖ-ਵੱਖ ਖੇਤਰਾਂ ਵਿੱਚ ਸਮਾਜ ਸੇਵਾ ਕਰ ਰਹੀਆਂ ਔਰਤਾਂ ਨੂੰ "ਚੈਰਿਟੀ ਨੈਸ਼ਨਲ ਅਵਾਰਡ" ਅਤੇ "ਸਮਾਜ ਸੇਵਕ ਨਾਰੀ ਰਾਸ਼ਟਰੀ ਸਨਮਾਨ" ਨਾਲ ਸਨਮਾਨਿਤ ਕੀਤਾ। ਇਸ ਦੇ ਨਾਲ ਹੀ, ਲੋੜਵੰਦ ਬੱਚਿਆਂ ਨੂੰ ਸਕੂਲ ਬੈਗ ਵੀ ਵੰਡੇ ਗਏ। ਇਸ ਮੌਕੇ, ਪਰਮਜੀਤ ਸਿੰਘ ਪੰਮਾ ਅਤੇ ਮੌਜੂਦ ਸਾਰੇ ਮੈਂਬਰਾਂ ਨਾਲ ਕੇਕ ਕੱਟ ਕੇ ਜਸ਼ਨ ਮਨਾਇਆ ਗਿਆ। ਰਸ਼ਮੀਤ ਕੌਰ ਬਿੰਦਰਾ ਨੇ ਦੱਸਿਆ ਕਿ ਸੁਰੀਤ ਈਵੈਂਟਸ ਪਿਛਲੇ ਸੱਤ ਸਾਲਾਂ ਤੋਂ ਝੁੱਗੀ-ਝੌਂਪੜੀ ਵਾਲੇ ਇਲਾਕਿਆਂ ਦੇ ਬੱਚਿਆਂ ਅਤੇ ਔਰਤਾਂ ਲਈ ਕੰਮ ਕਰ ਰਿਹਾ ਹੈ। 'ਏਕ ਮਿਸ਼ਨ ਏਕ ਚੈਰਿਟੀ' ਤਹਿਤ, ਝੁੱਗੀਆਂ-ਝੌਂਪੜੀਆਂ ਦੇ ਬੱਚਿਆਂ ਨੂੰ ਮੁਫ਼ਤ ਸਿੱਖਿਆ ਪ੍ਰਦਾਨ ਕੀਤੀ ਜਾਂਦੀ ਹੈ ਅਤੇ ਔਰਤਾਂ ਨੂੰ ਸੈਨੇਟਰੀ ਨੈਪਕਿਨ ਪ੍ਰਦਾਨ ਕੀਤੇ ਜਾਂਦੇ ਹਨ ਅਤੇ ਉਨ੍ਹਾਂ ਨੂੰ ਲੋੜੀਂਦਾ ਸਮਾਨ ਵੀ ਉਪਲਬਧ ਕਰਵਾਇਆ ਜਾਂਦਾ ਹੈ। ਇਸ ਮਿਸ਼ਨ ਨਾਲ ਬਹੁਤ ਸਾਰੇ ਮੈਂਬਰ ਜੁੜੇ ਹੋਏ ਹਨ। ਸੱਤਵੀਂ ਵਰ੍ਹੇਗੰਢ ਮਨਾਉਂਦੇ ਹੋਏ, ਬੱਚਿਆਂ ਨੂੰ ਸਕੂਲ ਬੈਗ, ਸਿੱਖਿਆ ਕਿੱਟਾਂ ਅਤੇ ਕਈ ਤੋਹਫ਼ੇ ਦਿੱਤੇ ਗਏ ਅਤੇ ਮੌਜੂਦ ਸਾਰੇ ਮੈਂਬਰਾਂ ਨੂੰ "ਟਰੱਸਟ ਦਾ ਸਨਮਾਨ ਪੱਤਰ", "ਚੈਰਿਟੀ ਨੈਸ਼ਨਲ ਅਵਾਰਡ" ਅਤੇ "ਸਮਾਜ ਸੇਵਕ ਨਾਰੀ" "ਰਾਸ਼ਟਰੀ ਸਨਮਾਨ" ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ ਔਰਤਾਂ ਦੀ ਸਮਾਨਤਾ ਲਈ ਸਮੇਂ-ਸਮੇਂ 'ਤੇ ਅਜਿਹੇ ਪ੍ਰੋਗਰਾਮ ਆਯੋਜਿਤ ਕੀਤੇ ਜਾਣੇ ਚਾਹੀਦੇ ਹਨ ਕਿਉਂਕਿ ਦੇਸ਼ ਦੇ ਵਿਕਾਸ ਵਿੱਚ ਔਰਤਾਂ ਦਾ ਬਹੁਤ ਵੱਡਾ ਯੋਗਦਾਨ ਹੈ। ਬੱਚਿਆਂ ਨੂੰ ਸਿੱਖਿਆ ਦੇ ਨਾਲ-ਨਾਲ ਖੇਡਾਂ ਨਾਲ ਵੀ ਜੋੜਨਾ ਚਾਹੀਦਾ ਹੈ ਤਾਂ ਜੋ ਬੱਚੇ ਔਨਲਾਈਨ ਗੇਮਾਂ ਰਾਹੀਂ ਆਪਣਾ ਭਵਿੱਖ ਖਰਾਬ ਨਾ ਕਰਨ। ਇਸ ਪ੍ਰੋਗਰਾਮ ਵਿੱਚ ਟਰੱਸਟ ਦੇ ਕਾਨੂੰਨੀ ਸਲਾਹਕਾਰ ਐਡਵੋਕੇਟ ਮਾਨਸੀ ਗੋਗੀਆ, ਸਾਰੇ ਮਿਸ਼ਨਾਂ ਦੇ ਬ੍ਰਾਂਡ ਅੰਬੈਸਡਰ ਰਿਧਮ ਚੱਢਾ, ਐਡਵੋਕੇਟ ਸਨੋ ਸ਼ੁਕਲਾ, ਬਲਵਿੰਦਰ ਕੌਰ, ਅਤੇ ਐਸੋਸੀਏਟ ਮੈਂਬਰ ਰਜਨੀ ਬੰਗਾ, ਏਂਜਲ ਗੋਗੀਆ, ਸਰਿਤਾ ਸਲੂਜਾ, ਸ੍ਰਿਸ਼ਟੀ ਦੀਵਾਨ, ਹਰਪ੍ਰੀਤ ਕੌਰ, ਅਤੇ ਮਾਰਕੀਟਿੰਗ ਮੈਨੇਜਰ ਪੰਕਜ ਅਤੇ ਹੋਰ ਬਹੁਤ ਸਾਰੇ ਮੈਂਬਰ ਸ਼ਾਮਲ ਹੋਏ। "ਸੂਰਤ ਇਵੈਂਟਸ" ਇੱਕ ਸੁਰੀਤ ਇਵੈਂਟਸ ਫਾਊਂਡੇਸ਼ਨ ਟਰੱਸਟ ਵਜੋਂ ਬਹੁਤ ਵਧੀਆ ਕੰਮ ਕਰ ਰਿਹਾ ਹੈ। ਰਾਸ਼ਟਰੀ ਪ੍ਰਧਾਨ ਰਸ਼ਮੀਤ ਕੌਰ ਬਿੰਦਰਾ ਦਾ ਕਹਿਣਾ ਹੈ ਕਿ ਯੂਪੀ ਪੀਲੀਭੀਤ ਵਿੱਚ ਸੁਰੇਟ ਈਵੈਂਟਸ ਦੀ ਇੱਕ ਸ਼ਾਖਾ ਖੋਲ੍ਹੀ ਗਈ ਹੈ, ਹੁਣ ਇਹ ਵੱਖ-ਵੱਖ ਸ਼ਹਿਰਾਂ ਵਿੱਚ ਹੋਰ ਸ਼ਾਖਾਵਾਂ ਖੋਲ੍ਹਣਾ ਚਾਹੁੰਦੀ ਹੈ। ਤਾਂ ਜੋ ਹਰ ਸ਼ਹਿਰ ਵਿੱਚ ਝੁੱਗੀ-ਝੌਂਪੜੀ ਵਾਲੇ ਇਲਾਕਿਆਂ ਲਈ ਕੰਮ ਕੀਤਾ ਜਾ ਸਕੇ ਅਤੇ ਉਨ੍ਹਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕੀਤਾ ਜਾਵੇ।



### ਸੇਂਟ ਸੋਲਜਰ ਸਕੂਲ ਮੈਨੇਜਮੈਂਟ ਵੱਲੋਂ ਯੋਗ ਹੁਨਰਾਂ ਰਾਹੀਂ

# ਅੰਤਰਰਾਸ਼ਟਰੀ ਯੋਗ ਦਿਵਸ ਦੇ ਪ੍ਰੋਗਰਾਮ ਮੌਕੇ ਵੱਖ-ਵੱਖ ਆਸਣਾਂ ਦਾ ਅਭਿਆਸ ਕੀਤਾ

**ਜੰਡਿਆਲਾ ਗੁਰੂ 21 ਜੂਨ ( ਕੁਲਵੰਤ ਸਿੰਘ ਵਿਰਦੀ )**-21 ਜੂਨ ਨੂੰ ਸਾਰੀ ਦੁਨੀਆ ਏਕਤਾ ਸਿਹਤ ਅਤੇ ਅੰਦਰੂਨੀ ਸ਼ਾਂਤੀ ਨੂੰ ਉਤਸਾਹਿਤ ਕਰਦੇ ਹੋਏ ਅੰਤਰਰਾਸ਼ਟਰੀ ਯੋਗ ਦਿਵਸ ਮਨਾਉਣ ਲਈ ਇਕੱਠੀ ਹੁੰਦੀ ਹੈ ਇਸੇ ਤਹਿਤ ਸੈਂਟ ਸੋਲਜਰ ਇਲੀਟ ਕਾਨਵੇਂਟ ਸਕੂਲ ਜੰਡਿਆਲਾ ਗੁਰੂ ਵਿੱਚ ਵੀ ਇਸ ਖਾਸ ਦਿਨ ਨੂੰ ਬੜੇ ਉਤਸ਼ਾਹ ਅਤੇ ਜੋਸ਼ੋ ਖਰੋਸ਼ ਨਾਲ ਮਨਾਇਆ ਗਿਆ। ਸਕੂਲ ਦੇ ਵਿਦਿਆਰਥੀਆਂ ,ਅਧਿਆਪਕਾਂ ਅਤੇ ਬੱਚਿਆਂ ਦੇ ਮਾਪਿਆਂ ਨੇ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਨੂੰ ਉਤਸ਼ਾਹਿਤ ਕਰਦੇ ਹੋਏ ਵੱਖ-ਵੱਖ ਯੋਗ ਆਸਣਾਂ ਦਾ ਅਭਿਆਸ ਕੀਤਾ ਅਭਿਆਸ ਵਿੱਚ ਵੱਖ-ਵੱਖ ਆਸਣ ਸਾਹ ਨਿਯੰਤਰਣ ਅਤੇ ਦਿਮਾਗੀ ਅਭਿਆਸ ਆਦਿ ਸ਼ਾਮਿਲ ਸਨ। ਯੋਗ ਰਾਹੀਂ ਅਸੀਂ ਧਿਆਨ ਕੇਂਦਰਿਤ ਕਰਨ ਅਤੇ ਅੰਦਰੂਨੀ ਸ਼ਾਂਤੀ ਪੈਦਾ ਕਰਨ ਵਿਚ ਸਹਾਈ ਹੁੰਦੇ ਹਾਂ। ਇਹ ਯੋਗ ਕੈਂਪ ਸਵੇਰੇ 6 ਵਜੇ ਸ਼ੁਰੂ ਹੋਇਆ ਅਤੇ ਸਾਡੇ ਸਤ ਵਜੇ ਸਮਾਪਤ ਹੋਇਆ। ਇਹ ਯੋਗ ਕੈਂਪ ਸਕੂਲ ਦੇ ਸ਼ਾਨਦਾਰ ਆਡੀਟੋਰੀਅਮ ਵਿੱਚ ਕੀਤਾ ਗਿਆ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਜੀ ਨੇ ਆਪਣੇ ਯੋਗ ਹੁਨਰਾਂ ਰਾਹੀਂ ਇਸ ਪ੍ਰੋਗਰਾਮ ਦੀ ਅਗਵਾਈ ਕੀਤੀ ਅਤੇ ਵੱਖ-ਵੱਖ ਆਸਣਾਂ ਦਾ ਅਭਿਆਸ ਕੀਤਾ। ਯੋਗ ਦੌਰਾਨ ਹਰ ਕਿਸੇ ਨੂੰ ਸੱਚਮੁੱਚ ਬਹੁਤ ਹਲਕਾ ਅਤੇ ਤਾਜ਼ਾ ਮਹਿਸੂਸ ਹੋਇਆ। ਯੋਗ ਕੈਂਪ ਦੀ ਸਮਾਪਤੀ ਤੇ ਸਾਰਿਆਂ ਦੇ ਲਈ ਖਾਸ ਤੌਰ ਤੇ ਹਰਬਲ ਚਾਹ ਦਾ ਵੀ ਪ੍ਰਬੰਧ ਕੀਤਾ ਗਿਆ। ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਸਾਰੇ ਵਿਦਿਆਰਥੀਆਂ ਅਧਿਆਪਕਾਂ ਅਤੇ ਉਨਾਂ ਦੇ ਮਾਪਿਆਂ ਨੂੰ ਦਿਲੋਂ ਵਧਾਈਆਂ। ਆਓ ਆਪਣੇ ਰੋਜ਼ਾਨਾ ਜੀਵਨ ਵਿੱਚ ਯੋਗ ਨੂੰ ਅਪਣਾਈਏ ਅਤੇ ਸਿਹਤ ਬੰਦ ਰਹੀਏ।



### ਅੰਤਰਰਾਸ਼ਟਰੀ ਯੋਗ ਦਿਵਸ ਮਨਾਉਂਦਿਆਂ ਸਮਾਗਮ ਦੌਰਾਨ ਲੋਕਾਂ ਨੇ ਕੀਤਾ ਯੋਗ ਅਭਿਆਸ

# ਕੈਬਨਿਟ ਮੰਤਰੀ ਸੌਂਦ ਵੱਲੋਂ ਲੋਕਾਂ ਨੂੰ ਯੋਗਾ ਨੂੰ ਆਪਣੇ ਜੀਵਨ ਦਾ ਅਨਿੱਖੜਵਾਂ ਅੰਗ ਬਣਾਉਣ ਦਾ ਸੱਦਾ





**ਖੰਨਾ, 21 ਜੂਨ (ਆਵਾਜ਼ਿ ਕੌਮ ਬਿਊਰੋ)**- ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਅੱਜ ਪੰਜਾਬ ਦੇ ਲੋਕਾਂ ਨੂੰ ਇੱਕ ਸਿਹਤਮੰਦ ਅਤੇ ਖੁਸ਼ਹਾਲ ਜੀਵਨ ਲਈ ਰੋਜ਼ਮਰਾ ਜਿੰਦਗੀ ਵਿੱਚ ਯੋਗ ਨੂੰ ਆਪਣਾ ਅਨਿੱਖੜਵਾਂ ਅੰਗ ਬਣਾਉਣ ਦਾ ਸੱਦਾ ਦਿੱਤਾ ਹੈ। ਅੱਜ ਸ਼੍ਰੀ ਰਾਮ ਮੰਦਿਰ ਖੰਨਾ ਵਿਖੇ ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਕਰਵਾਏ ਗਏ ਸਮਾਗਮ ਦੌਰਾਨ ਲੋਕਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਭਾਰਤ ਵਿੱਚ ਯੁਗਾਂ ਤੋਂ ਯੋਗ ਇੱਕ ਸਿਹਤਮੰਦ ਅਤੇ ਪ੍ਰਗਤੀਸ਼ੀਲ ਜੀਵਨ ਦੀ ਪਰੰਪਰਾ ਰਹੀ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਵਿੱਚ ਜਦੋਂ ਤਣਾਅਪੂਰਨ ਜੀਵਨ ਵਿੱਚ ਵੱਖ-ਵੱਖ ਬਿਮਾਰੀਆਂ ਮਨੁੱਖੀ ਜੀਵਨ ਲਈ ਗੰਭੀਰ ਖਤਰਾ ਪੈਦਾ ਕਰ ਰਹੀਆਂ ਹਨ ਤਾਂ ਯੋਗ ਰਾਜ ਮਨੁੱਖ ਨੂੰ ਰੋਗ ਮੁਕਤ ਅਤੇ ਸਿਹਤਮੰਦ ਬਣਾਉਣ ਵਿੱਚ ਬਹੁਤ ਸਹਾਈ ਹੋ ਸਕਦਾ ਹੈ। ਉਨ੍ਹਾਂ ਲੋਕਾਂ ਨੂੰ ਇਹ ਵੀ ਪ੍ਰੇਰਿਆ ਕਿ ਉਹ ਰੋਜ਼ਾਨਾ ਘੱਟੋ-ਘੱਟ ਇੱਕ ਘੰਟਾ ਯੋਗ ਕਰਨ ਤਾਂ ਜੋ ਉਹ ਸਿਹਤਮੰਦ ਜੀਵਨ ਦਾ ਲਾਭ ਉਠਾ ਸਕਣ। ਸੌਂਦ ਦੱਸਿਆ ਨੇ ਕਿ ਯੋਗਾ ਕਰਨਾ ਸਾਡੇ ਸਰੀਰ ਅਤੇ ਦਿਮਾਗ ਦੀ ਤੰਦਰੁਸਤੀ ਲਈ ਬਹੁਤ ਹੀ ਲੋੜੀਂਦਾ ਅਤੇ ਲਾਭਦਾਇਕ ਹੈ ਜੋ ਕਿ ਸਾਡੇ ਸਰੀਰ ਨੂੰ ਬਿਮਾਰੀਆਂ ਤੋਂ ਬਚਾ ਕੇ ਰੱਖਣ ਵਿੱਚ ਸਹਾਇਤਾ ਕਰਦਾ ਹੈ। ਉਨ੍ਹਾਂ ਵੱਲੋਂ ਇਹ ਵੀ ਦੱਸਿਆ ਗਿਆ ਕਿ ਸਰੀਰਕ ਤੌਰ ਤੇ ਤੰਦਰੁਸਤ ਰਹਿਣ ਲਈ ਸਾਨੂੰ ਸਭਨਾਂ ਨੂੰ ਰੋਜ਼ਾਨਾ ਆਪਣੀ ਜਿੰਦਗੀ ਵਿੱਚ ਯੋਗਾ ਦੀ ਗਤੀਵਿਧੀਆਂ ਨੂੰ ਅਪਨਾਉਣਾ ਚਾਹੀਦਾ ਹੈ। ਬਾਅਦ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਸਭ ਤੋਂ ਪਹਿਲਾਂ ਤਾਂ ਮੈਂ ਅੱਜ ਯੋਗ ਦਿਵਸ ਦੇ ਉੱਤੇ ਪੂਰੇ ਭਾਰਤ ਵਾਸੀਆਂ ਨੂੰ ਜਿੱਥੇ-ਜਿੱਥੇ ਵਿਸ਼ਵ ਵਿੱਚ ਭਾਰਤ ਵਾਸੀ ਬੈਠੇ ਨੇ ਸਾਰਿਆਂ ਨੂੰ ਬਹੁਤ ਬਹੁਤ ਮੁਬਾਰਕਬਾਦ ਦਿੰਦਾ ਹਾਂ। ਅੱਜ 21 ਜੂਨ ਵਾਲੇ ਦਿਨ ਪੂਰੇ ਭਾਰਤ ਦੇ ਅੰਦਰ ਜਿੱਥੇ ਦੇਸ਼ਾਂ-ਵਿਦੇਸ਼ਾਂ ਦੇ ਅੰਦਰ ਯੋਗ ਦਿਵਸ ਮਨਾਇਆ ਜਾਂਦਾ ਹੈ ਉੱਥੇ ਇਸ ਯੋਗ ਦੇ ਨਾਲ ਜੁੜ ਕੇ ਨਾ ਸਿਰਫ ਇਨਸਾਨ ਆਪਣੀ ਮਾਨਸਿਕ ਸਥਿਤੀ ਨੂੰ ਠੀਕ ਕਰ ਸਕਦਾ ਹੈ।

# ਪੰਜਾਬ ਦੇ ਲੋਕਾਂ ਦਾ ਬੇੜਾ ਗਰਕ ਵੋਟਾਂ ਦੇ ਲਾਲਚੀ ਸਿਆਸੀ ਲੀਡਰਾਂ ਨੇ ਕੀਤਾ



ਫ਼ਿਰੋਜ਼ਪੁਰ, 21 ਜੂਨ (ਮਨੋਹਰ ਲਾਲ) :— ਦਮਦਮੀ ਟਕਸਾਲ ਦੇ ਬਜੁਰਗ ਜਥੇਦਾਰ ਗੁਰਨਾਮ ਸਿੰਘ ਬੰਡਾਲਾ ਨੇ ਇਕ ਬਿਆਨ ਜਾਰੀ ਕਰਦਿਆਂ ਕਿਹਾ ਕਿ ਜੇਕਰ ਧੜਾ—ਧੜ ਨੌਜਵਾਨ ਗੈਂਗਸਟਰ, ਨਸ਼ੇੜੀ, ਲਟੇਰੇ, ਕਾਤਲ ਬਣ ਰਹੇ ਹਨ, ਉਸ ਦੇ ਜੁਮੇਵਾਰ ਕੁਰਸੀ ਦੇ ਭੁੱਖੇ ਸਿਆਸੀ ਲੀਡਰ ਹਨ ਜੋ ਵੋਟਾਂ ਦੀ ਖਾਤਰ ਹਰ ਨੀਚ ਕਰਮ ਕਰਨ ਨੂੰ ਤਿਆਰ ਹਨ। ਗੱਲਬਾਤ ਕਰਦਿਆਂ ਜਥੇਦਾਰ ਬੰਡਾਲਾ ਨੇ ਕਿਹਾ ਕਿ ਲੋਕਾਂ ਤੋਂ ਮਿਹਨਤ ਖੋਹ ਲਈ ਹੈ ਬਿਜਲੀ ਮੁਫਤ, ਆਟਾ—ਦਾਲਾ, ਖੰਡ ਪਤੀ ਸਭ ਮੁਫਤ ਚਲਦਾ ਹੈ, ਜਦੋਂ ਕਿ ਪੰਜਾਬ ਦਾ ਵਿਕਾਸ ਸੜਕਾਂ ਪੁਲ ਸਕੂਲ—ਹਸਪਤਾਲ ਸਭ ਕੰਮ ਠੱਪ ਪਿਆ ਹੈ ਲੋਕ ਵਿਹਲੇ ਸੱਥਾਂ ਵਿਚ ਤਾਸ਼ਾਂ ਖੇਡ ਰਹੇ ਹਨ ਨਾ ਕੋਈ ਨੌਜਵਾਨ ਝੋਨਾ ਲਾਵੇ ਨਾ ਕਰੇ ਵਾਡੀ ਬਈਈਏ ਬਿਹਾਰ ਦੇ ਸਰਕਾਰ ਮੰਗਾ ਕੇ ਧੜਾ—ਧੜ ਵੋਟਾਂ ਬਣਾਉਂਦੀ ਹੈ। ਉਨ੍ਹਾਂ ਕਿਹਾ ਕਿ ਵਿਹਲੇ ਨੌਜਵਾਨ ਮਹਿੰਗੇ ਮੋਬਾਇਲ, ਮੋਟਰਸਾਈਕਲ, ਕਾਰਾਂ, ਨਸ਼ੇ ਲਈ ਲੁੱਟਾਂ—ਖੋਹਾਂ ਕਰਦੇ ਹਨ ਅੱਗੇ ਵਾਡੀਆਂ ਕਰਦੇ ਸਨ ਸਾਰਾ ਦਿਨ ਕੰਮ ਵਿਚ ਧਿਆਨ ਸੀ ਹੁਣ ਪਤਾ ਬਿਜਲੀ ਮੁਫਤ ਹੈ ਆਟਾ ਕਣਕ ਦਾਲਾ ਸਬ ਕੁਛ ਸਰਕਾਰ ਤੋਂ ਮਿਲ ਜਾਣਾ ਐਸ਼ਪ੍ਰਸਤੀ ਲਈ ਪੈਸਾ ਚਾਹੀਦਾ। ਉਸ ਵਾਸਤੇ ਵਾਰਦਾਤਾਂ ਹੁੰਦੀਆਂ ਸਿਆਸੀ ਲੀਡਰਾਂ ਨੇ ਲੋਕਾਂ ਤੋਂ ਮਿਹਨਤ ਖੋਹ ਕੇ ਲੋਕ ਨਕਾਰੇ ਕਰ ਦਿੱਤੇ ਹਨ ਵਿਹਲਿਆਂ ਲੋਕਾਂ ਨੂੰ ਬਿਮਾਰੀਆਂ ਰੋਗ ਲੱਗਦੇ ਹਨ ਕਰਾਇਮ ਸਰਕਾਰੀ ਲੀਡਰਾਂ, ਅਫਸਰਾਂ ਦੀ ਨਿਕੰਮੀ ਸੋਚ ਦੀ ਦੇਣ ਹੈ।

# ਸੁਧਾਰ ਦੀ ਸ਼ੁਰੂਆਤ - ਆਪਣੇ ਆਪ ਤੋਂ ਸ਼ੁਰੂ ਕਰੋ : ਪੀ.ਸੀ ਕੁਮਾਰ



ਫ਼ਿਰੋਜ਼ਪੁਰ, 21 ਜੂਨ (ਮਨੋਹਰ ਲਾਲ) :— ਅੱਜ ਦੇ ਸਮਾਜ ਵਿੱਚ ਜਿੱਥੇ ਨੈਤਿਕ ਮੁੱਲਾਂ ਦੀ ਕਮੀ ਤੇ ਨਸ਼ਿਆਂ ਦੀ ਲੱਤ ਵੱਧ ਰਹੀ ਹੈ, ਉੱਥੇ ਇਹ ਜ਼ਰੂਰੀ ਹੋ ਗਿਆ ਹੈ ਕਿ ਅਸੀਂ ਸੋਚੀਏ ਕਿ ਸੁਧਾਰ ਕਿੱਥੋਂ ਆਵੇਗਾ ਤਾਂ ਜਵਾਬ ਸਾਫ਼ ਹੈ ਆਪਣੇ ਆਪ ਤੋਂ। ਇਹ ਵਿਚਾਰ ਸਾਂਝੇ ਕਰਦਿਆਂ ਪੀ.ਸੀ ਕੁਮਾਰ ਨੇ ਕਿਹਾ ਕਿ ਜੇਕਰ ਅਸੀਂ ਚਾਹੁੰਦੇ ਹਾਂ ਕਿ ਸਮਾਜ ਨਸ਼ਿਆਂ ਤੋਂ ਮੁਕਤ ਹੋਵੇ, ਜਵਾਨ ਚੜ੍ਹਦੇ ਸੂਰਜ ਵਾਂਗ ਚਮਕਣ, ਸਕੂਲ ਸੁਰੱਖਿਅਤ ਹੋਣ ਅਤੇ ਪਰਿਵਾਰ ਪਿਆਰ ਭਰੇ ਹੋਣ ਤਾਂ ਇਹ ਸਫ਼ਰ ਸਾਡੀ ਆਪਣੀ ਸੋਚ ਅਤੇ ਕਰਮਾਂ ਤੋਂ ਸ਼ੁਰੂ ਹੋਣਾ ਚਾਹੀਦਾ ਹੈ। ਸਭ ਤੋਂ ਪਹਿਲਾਂ ਅਸੀਂ ਆਪਣੀਆਂ ਆਦਤਾਂ, ਸੋਚ ਅਤੇ ਰਵੱਈਏ ਨੂੰ ਠੀਕ ਕਰੀਏ, ਜਦੋਂ ਅਸੀਂ ਆਪਣੇ—ਆਪ ਨੂੰ ਸਵਚੱਛ, ਨਸ਼ਾ ਮੁਕਤ ਅਤੇ ਨੇਕ ਰਸਤੇ ਚੱਲਣ ਵਾਲਾ ਬਣਾਈਏ ਤੱਦ ਹੀ ਅਸੀਂ ਆਪਣੇ ਪਰਿਵਾਰ ਚ ਇਹ ਰੂਹ ਫੂਕ ਸਕਦੇ ਹਾਂ। ਉਨ੍ਹਾਂ ਕਿਹਾ ਕਿ ਪਰਿਵਾਰ ਇੱਕ ਨੰਮੀਆਂ ਇੱਟਾਂ ਨਾਲ ਬਣੀ ਬੁਨਿਆਦ ਹੈ, ਜੇ ਉੱਥੇ ਮਾਪੇ ਆਪਣੇ ਬੱਚਿਆਂ ਨੂੰ ਸੱਚ, ਨੇਕਦਿਲੀ, ਨਸ਼ੇ ਤੋਂ ਦੂਰੀ ਅਤੇ ਮਿਹਨਤ ਦੀ ਸਿੱਖ ਦਿੰਦੇ ਹਨ, ਤਾਂ ਉਹੀ ਬੱਚੇ ਸਕੂਲ ਵਿਚ ਵੀ ਚੰਗੀ ਸੋਚ ਲੈ ਕੇ ਜਾਂਦੇ ਹਨ। ਸਕੂਲ ਅਗਲਾ ਕਦਮ ਹੈ ਜਿੱਥੇ ਇਸ ਸੋਚ ਨੂੰ ਹੋਰ ਪਸਰਾਇਆ ਜਾ ਸਕਦਾ ਹੈ। ਅਧਿਆਪਕਾਂ ਅਤੇ ਸਿੱਖਿਆ ਪ੍ਰਣਾਲੀ ਨੂੰ ਵੀ ਇਹੀ ➡ਖ ਅਪਣਾਉਣਾ ਪਵੇਗਾ ਕਿ ਸਿਰਫ਼ ਕਿਤਾਬੀ ਗਿਆਨ ਹੀ ਨਹੀਂ, ਸੰਜਮ, ਸਦਾਚਾਰ ਅਤੇ ਨਸ਼ੇ ਤੋਂ ਦੂਰੀ ਵੱਲ ਧਿਆਨ ਦਿੱਤਾ ਜਾਵੇ।

ਗੱਲਬਾਤ ਕਰਦਿਆਂ ਪੀ.ਸੀ ਕੁਮਾਰ ਨੇ ਕਿਹਾ ਕਿ ਜਦ ਇਕ ਵਿਅਕਤੀ ਪਰਿਵਾਰ, ਸਕੂਲ ਅਤੇ ਆਖਰਕਾਰ ਸਮਾਜ ਇਕੋ ਜਿਹੀ ਚੰਗੀ ਸੋਚ ਤੇ ਨੈਤਿਕ ਮੂਲ ਰੱਖਦੇ ਹਨ, ਤਦ ਹੀ ਅਸੀਂ ਨਸ਼ਿਆਂ, ਹਿੰਸਾ ਅਤੇ ਅਣਸਮਝੀ ਵਾਲੇ ਸਮਾਜ ਨੂੰ ਇਕ ਨਵੇਂ ਚਾਨਣ ਵਾਲੇ ਯੁੱਗ ਵਿੱਚ ਬਦਲ ਸਕਦੇ ਹਾਂ। ਇਸ ਕਾਰਜ ਵਿਚ ਹਰ ਵੱਡੇ ਵਿਅਕਤੀ, ਮਾਪੇ, ਅਧਿਆਪਕ ਅਤੇ ਨੇਤਾ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਨੌਜਵਾਨਾਂ ਵਿੱਚ ਇਹ ਭਾਵਨਾ ਪੈਦਾ ਕਰਨ, ਨਸ਼ਾ ਨਹੀਂ, ਸੇਵਾ—ਸੁਧਾਰ ਤੇ ਸੰਘਰਸ਼ ਸਾਡਾ ਰਸਤਾ ਹੈ। ਅਸੀਂ ਜਿੰਨਾ ਜ਼ਿਆਦਾ ਆਵਾਜ਼ ਚੁੱਕਾਂਗੇ, ਉਤਨਾ ਹੀ ਜਲਦੀ ਸਮਾਜ ਨਸ਼ਿਆਂ ਦੇ ਅੰਧਕਾਰ ਤੋਂ ਬਚ ਸਕੇਗਾ। ਆਓ ਅਸੀਂ ਆਪਣੇ ਕੰਧੇ ਚੁੱਕੀਏ, ਸਲੀਆਂ ਚੜਾਈਏ, ਤੇ ਪਹਿਲਾਂ ਆਪਣੇ—ਆਪ ਨੂੰ ਫਿਰ ਪਰਿਵਾਰ, ਫਿਰ ਸਕੂਲ ਅਤੇ ਅਖੀਰ ਵਿਚ ਪੂਰੇ ਸਮਾਜ ਨੂੰ ਨਵੀਂ ਦਿਸ਼ਾ ਦੇਈਏ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਜ਼ਿਲ੍ਹਾ ਕੋਰਟ ਕੰਪਲੈਕਸ ਵਿਖੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਗਿਆ



**ਫ਼ਿਰੋਜ਼ਪੁਰ, 21 ਜੂਨ (ਮਨੋਹਰ ਲਾਲ)** :—ਨੈਸ਼ਨਲ ਲੀਗਲ ਸਰਵਿਜ਼ ਅਥਾਰਟੀ ਦਿੱਲੀ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ.ਏ.ਐਸ. ਨਗਰ ਦੇ ਦਿਸ਼ਾ—ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ, ਮਾਨਯੋਗ ਜ਼ਿਲ੍ਹਾ ਅਤੇ ਸ਼ੈਸ਼ਨ ਜੱਜ—ਸਹਿਤ—ਚੇਅਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਿਰੋਜ਼ਪੁਰ ਦੀ ਰਹਿਨੁਮਈ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜ਼ਪੁਰ ਵੱਲੋਂ ਜ਼ਿਲ੍ਹਾ ਯੂਨਾਨੀ ਅਤੇ ਆਯੁਰਵੇਦ ਵਿਭਾਗ ਫ਼ਿਰੋਜ਼ਪੁਰ ਦੇ ਸਹਿਯੋਗ ਨਾਲ ਜ਼ਿਲ੍ਹਾ ਕੋਰਟ ਕੰਪਲੈਕਸ ਫਿਰੋਜ਼ਪੁਰ ਵਿਖੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਗਿਆ। ਉਕਤ ਪ੍ਰੋਗਰਾਮ ਵਿੱਚ ਸ਼੍ਰੀਮਤੀ ਲਖਵਿੰਦਰ ਕੌਰ ਦੁੱਗਲ ਮਾਨਯੋਗ ਵਧੀਕ ਜ਼ਿਲ੍ਹਾ ਅਤੇ ਸ਼ੈਸ਼ਨ ਜੱਜ ਅਤੇ ਸ਼੍ਰੀਮਤੀ ਨੇਹਾ ਗੋਇਲ ਮਾਨਯੋਗ ਸਿਵਲ ਜੱਜ (ਸੀਨਿਅਰ ਡਵੀਜ਼ਨ) ਫਿਰੋਜ਼ਪੁਰ ਵੱਲੋਂ ਭਾਗ ਲਿਆ ਗਿਆ। ਸ਼੍ਰੀਮਤੀ ਪ੍ਰਿੰਅਕਾ ਯੋਗਾ ਟ੍ਰੇਨਰ ਸੀ.ਐਮ. ਦੀ ਯੋਗਸ਼ਾਲਾ, ਫ਼ਿਰੋਜ਼ਪੁਰ ਵੱਲੋਂ ਪ੍ਰੋਗਰਾਮ ਵਿੱਚ ਆਏ ਸਾਰੇ ਭਾਗੀਦਾਰਾਂ ਨੂੰ ਮਨੁੱਖੀ ਜੀਵਨ ਵਿੱਚ ਯੋਗਾ ਕਰਨ ਦੇ ਮਹੱਤਵ ਬਾਰੇ ਦੱਸਿਆ ਗਿਆ ਅਤੇ ਉਨ੍ਹਾਂ ਨੂੰ ਯੋਗਾ ਵੀ ਕਰਵਾਇਆ ਗਿਆ। ਇਸ ਮੌਕੇ ਤੇ ਸ਼੍ਰੀ ਸੁਖਪ੍ਰੀਤ ਉਪਵੈਦ ਆਯੁਰਵੈਦ ਵਿਭਾਗ ਫਿਰੋਜ਼ਪੁਰ ਵੀ ਮੌਜੂਦ ਸਨ। ਇਸ ਤੋਂ ਇਲਾਵਾ ਉਪ ਮੰਡਲ ਜ਼ੀਰਾ ਅਤੇ ਗੁਰੂਹਰਸਹਾਏ ਦੇ ਕੋਰਟ ਕੰਪਲੈਕਸ ਵਿੱਚ ਵੀ ਯੋਗ ਦਿਵਸ ਮਨਾਇਆ ਗਿਆ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

## ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮਹਾਨ ਗੁਰਮਤਿ ਸਮਾਗਮ

☛ ਸਲਾਨਾ ਬਰਸੀ ਸੰਤ ਬਾਬਾ ਅਤਰ ਸਿੰਘ ਅਤਲਾ ਭਾਈ ਬਠਿੰਡਾ। ☛ ਜਨਮ ਪਿਆਰੇ ਭਾਈ ਸਾਹਿਬ ਸਿੰਘ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

ਸ਼ਨਿੱਚਰਵਾਰ 21 ਜੂਨ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 22 ਜੂਨ 2025 ਨੂੰ 6:30 ਵਜੇ ਸਵੇਰੇ ਚੌਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਕਵੀਸ਼ਰੀ ਜਥਾ ਭਾਈ ਤਰਸੇਮ ਸਿੰਘ ਫੋਜੀ ਇਟਲੀ ਵਾਲੇ ਵਾਰਾਂ ਰਾਹੀਂ ਗੁਰਬਾਣੀ ਕਥਾ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778